ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
SHKCSP
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101

# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ



ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ

RNI : PUNPUN/2021/80887 www.desipunjab.in DESI PUNJAB October Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519

## ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਮਾਮਲੇ ਦੀ ਅਗਲੀ ਸੁਣਵਾਈ 7 ਅਕਤੂਬਰ ਨੂੰ



ਨਵੀਂ ਦਿੱਲੀ 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- 45 ਸਾਲਾ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਨੂੰ 18 ਜੂਨ, 2023 ਨੂੰ ਸਰੀ, ਬੀਸੀ ਵਿੱਚ ਗੁਰੂ ਨਾਨਕ ਸਿੱਖ ਗੁਰਦੁਆਰੇ ਤੋਂ ਬਾਹਰ ਨਿਕਲਦੇ ਸਮੇਂ ਇੱਕ ਬਹੁਤ ਹੀ ਸੁਚੱਜੇ ਢੰਗ ਨਾਲ ਕੀਤੇ ਗਏ ਹਮਲੇ ਵਿੱਚ ਗੋਲੀ ਮਾਰ ਕੇ ਮਾਰ ਦਿੱਤਾ ਗਿਆ ਸੀ। ਇੱਕ ਕੈਨੇਡੀਅਨ ਨਾਗਰਿਕ, ਨਿੱਝਰ ਭਾਰਤ ਵਿੱਚ ਇੱਕ ਸੁਤੰਤਰ ਸਿੱਖ ਰਾਜ ਦੀ ਸਿਰਜਣਾ ਲਈ ਜ਼ੋਰ ਦੇਣ ਵਾਲੀ ਖਾਲਿਸਤਾਨ ਲਹਿਰ ਵਿੱਚ ਇੱਕ ਪ੍ਰਮੁੱਖ ਸਥਾਨਕ ਨੇਤਾ ਸੀ।20 ਸਾਲ ਦੀ ਉਮਰ ਦੇ ਚਾਰ ਕਥਿਤ ਹਿੱਟਮੈਨ, ਸਾਰੇ ਭਾਰਤੀ ਨਾਗਰਿਕ ਜੋ ਕਈ ਸਾਲ ਪਹਿਲਾਂ ਕੈਨੇਡਾ ਪਹੁੰਚੇ ਸਨ, 'ਤੇ ਇਸ ਕਤਲ ਨੂੰ ਅੰਜਾਮ ਦੇਣ ਦਾ ਦੋਸ਼ ਲਗਾਇਆ ਗਿਆ ਹੈ। ਭਾਈ ਨਿੱਝਰ ਦੇ ਅਤਿ ਨਜ਼ਦੀਕੀ ਭਾਈ ਨਰਿੰਦਰ ਸਿੰਘ ਰੰਧਾਵਾ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਇੰਨ੍ਹਾ ਦੋਸ਼ੀਆਂ ਦੀ ਅਦਾਲਤ ਅੰਦਰ 2 ਅਕਤੂਬਰ ਨੂੰ ਪੇਸ਼ੀ ਸੀ ਪਰ ਅਦਾਲਤ ਵਲੋਂ ਇੰਨ੍ਹਾ ਦੀ ਤਰੀਕ ਨੂੰ ਅੱਗੇ ਕਰਕੇ 7 ਅਕਤੂਬਰ ਕਰ ਦਿੱਤਾ ਗਿਆ ਹੈ ਇਸ ਲਈ ਕੈਨੇਡਾ ਦੀ ਸੁਪਰੀਮ ਕੋਰਟ ਅਦਾਲਤ ਅੰਦਰ ਚਲ ਰਹੇ ਇਸ ਹਾਈ ਪ੍ਰੋਫਾਈਲ ਮਾਮਲੇ ਦੀ ਅਗਲੀ ਸੁਣਵਾਈ ਹੁਣ 7 ਅਕਤੂਬਰ ਨੂੰ ਹੋਵੇਗੀ । ਉਨ੍ਹਾਂ ਦਸਿਆ ਕਿ ਅਦਾਲਤੀ ਦਸਤਾਵੇਜ਼ਾਂ ਅਨੁਸਾਰ ਇਨ੍ਹਾਂ 'ਤੇ ਪਹਿਲੀ ਡਿਗਰੀ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ ਹਨ। ਪੁਲਿਸ ਦਾ ਮੰਨਣਾ ਹੈ ਕਿ ਇੰਨ੍ਹਾ ਨੇ 1 ਮਈ, 2023 ਅਤੇ 18 ਜੂਨ, 2023 ਦੇ ਵਿਚਕਾਰ ਸਰੀ ਅਤੇ ਐਡਮੰਟਨ ਵਿੱਚ ਨਿੱਝਰ ਨੂੰ ਮਾਰਨ ਦੀ ਯੋਜਨਾ 'ਤੇ ਦੂਜਿਆਂ ਨਾਲ ਮਿਲ ਕੇ ਸਾਜ਼ਿਸ਼ ਰਚੀ ਸੀ । ਉਨ੍ਹਾਂ ਦਸਿਆ ਕਿ ਮਾਮਲੇ ਵਿਚ ਤਿਹਕੀਕਾਤ ਕਰ ਅਧਿਕਾਰੀ "ਜਾਣਦੇ ਹਨ" ਕਿ ਹੋਰਾਂ ਨੇ ਵੀ ਇਸ ਕਤਲ ਵਿੱਚ ਭੂਮਿਕਾ ਨਿਭਾਈ ਹੋ ਸਕਦੀ ਹੈ। ਆਰਸੀਐਮਪੀ ਨੇ ਕਿਹਾ ਹੈ ਕਿ ਘਟਨਾ ਅਜੇ ਵੀ "ਬਹੁਤ ਜ਼ਿਆਦਾ ਸਰਗਰਮ ਜਾਂਚ ਅਧੀਨ" ਹੈ।

## ਸ਼੍ਰੋਮਣੀ ਕਮੇਟੀ ਨੇ ਏਆਈ ਤਕਨੀਕ ਦੇ ਮਾਹਿਰਾਂ ਅਤੇ ਵਿਦਵਾਨਾਂ ਨਾਲ ਕੀਤੀ ਇਕੱਤਰਤਾ, ਮਾਹਿਰਾਂ ਨੇ ਦਿੱਤੇ ਕੀਮਤੀ ਸੁਝਾਅ

ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਤਕਨਾਲੇਜੀ ਦੀ ਦੁਰਵਰਤੋਂ ਨਾਲ ਸਿੱਖ ਧਰਮ ਦੀ ਕੀਤੀ ਜਾ ਰਹੀ ਬੇਅਦਬੀ ਰੋਕਣ ਲਈ ਨੀਤੀ ਬਨਾਉਣ ਵਾਸਤੇ ਇਸ ਖੇਤਰ ਵਿਚ ਕੰਮ ਕਰ ਰਹੇ ਤਕਨੀਕੀ ਮਾਹਿਰਾਂ ਨਾਲ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਇਕੱਤਰਤਾ ਹੋਈ। ਇਕੱਤਰਤਾ ਵਿਚ ਏਆਈ ਤਕਨੀਕ ਦੀ ਜਾਣਕਾਰੀ ਰੱਖਣ ਵਾਲੇ ਮਾਹਿਰਾਂ ਨੇ ਭਵਿੱਖ ਦੀਆਂ ਚੁਣੌਤੀਆਂ ਦੇ ਮੱਦੇਨਜ਼ਰ ਅਤੇ ਇਸ ਦੀ ਹੋ ਰਹੀ ਦੁਰਵਰਤੋਂ ਨੂੰ ਰੋਕਣ ਲਈ ਆਪਣੇ ਕੀਮਤੀ ਸੁਝਾਅ ਦਿੱਤੇ। ਇਕੱਤਰਤਾ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਰਾਹੀਂ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਵੀਡੀਓ ਅਤੇ ਹੋਰ ਸਮੱਗਰੀ ਦਾ ਸੋਸ਼ਲ ਮੀਡੀਏ ’ਤੇ ਲਗਾਤਾਰ ਵਾਧਾ ਵੱਡੀ ਚਿੰਤਾ ਵਾਲਾ ਹੈ। ਇਸੇ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਨੇ ਇਸ ਖੇਤਰ ਵਿਚ ਕੰਮ ਕਰ ਰਹੇ ਮਾਹਿਰਾਂ ਤੋਂ ਸੁਝਾਅ ਲੈਣ ਲਈ ਅੱਜ ਦੀ ਇਕੱਤਰਤਾ ਬੁਲਾਈ ਸੀ, ਤਾਂ ਜੋ ਹੋ ਰਹੀ ਦੁਰਵਰਤੋਂ ਨੂੰ ਰੋਕਣ ਲਈ ਠੋਸ ਨੀਤੀ ਤਿਆਰ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਦੀ ਇਕੱਤਰਤਾ ਵਿਚ ਕੀਮਤੀ ਸੁਝਾਅ ਪ੍ਰਾਪਤ ਹੋਏ ਹਨ, ਜਿਨ੍ਹਾਂ ਨੂੰ ਅੰਤ੍ਰਿੰਗ ਕਮੇਟੀ ਦੀ ਆਉਣ ਵਾਲੀ ਇਕੱਤਰਤਾ ਵਿਚ ਵਿਚਾਰਿਆ ਜਾਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਸੱਦੇ ’ਤੇ ਪੁੱਜੇ ਏਆਈ ਮਾਹਿਰਾਂ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਵੀ ਕੀਤਾ। ਇਕੱਤਰਤਾ ’ਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਮੋਹਨ ਸਿੰਘ ਬੰਗੀ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਨਾਮ ਸਿੰਘ ਜੱਸਲ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਖਾਲਸਾ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ, ਡਾ. ਜਸਵਿੰਦਰ ਸਿੰਘ, ਡਾ. ਵਿਲੀਅਮ ਸਿੰਘ, ਬਾਬਾ ਬੰਦਾ ਸਿੰਘ ਬਹਾਦਰ ਇੰਜੀ: ਕਾਲਜ ਦੇ ਪ੍ਰਿੰਸੀਪਲ ਸ. ਲਖਵੀਰ ਸਿੰਘ, ਗੁਰੂ ਨਾਨਕ ਦੇਵ ਇੰਜੀ: ਕਾਲਜ ਲੁਧਿਆਣਾ ਤੋਂ ਡਾ. ਜਗਦੀਪ ਸਿੰਘ ਅਤੇ ਪ੍ਰੋ. ਸਤਿੰਦਰਪਾਲ ਸਿੰਘ, ਰਿਆਤ ਬਹਾਰਾ ਇੰਸਟੀਚਿਊਟ, ਹੁਸ਼ਿਆਰਪੁਰ ਤੋਂ ਡਾਇਰੈਕਟਰ ਪ੍ਰਿੰਸੀਪਲ ਡਾ. ਗੁਰਜੀਤ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਡਾ. ਕੁਲਦੀਪ ਸਿੰਘ, ਦਿੱਲੀ ਤੋਂ ਡਾ. ਸਰਬਜੋਤ ਸਿੰਘ ਆਨੰਦ, ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਐਡਵੋਕੇਟ ਸ. ਅਮਰਦੀਪ ਸਿੰਘ ਧਾਰਨੀ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਸਿਸਟਮ ਐਡਮਿਨਸਟ੍ਰੇਟਰ ਸ. ਕਰਮਵੀਰ ਸਿੰਘ ਆਦਿ ਹਾਜ਼ਰ ਸਨ। ਇਸੇ ਦੌਰਾਨ ਕੈਨੇਡਾ ਤੋਂ ਸ. ਗਿਆਨ ਸਿੰਘ ਸੰਧੂ, ਅਮਰੀਕਾ ਤੋਂ ਡਾ. ਹਰਿੰਦਰ ਸਿੰਘ ਅਤੇ ਏਆਈ ਮਾਹਿਰ ਡਾ. ਸੰਦੀਪ ਸਿੰਘ ਸੰਧਾ ਆਨਲਾਈਨ ਮਾਧਿਅਮ ਰਾਹੀਂ ਇਕੱਤਰਤਾ ’ਚ ਸ਼ਾਮਲ ਹੋਏ।



ਉੱਘੇ ਸਮਾਜ ਸੇਵਕ ਭਗਵੰਤ ਸਿੰਘ ਮਣਕੂ ਅਤੇ ਜਸਵਿੰਦਰ ਕੌਰ ਭੁੱਲਰ ਸਿੱਧ ਬਾਬਾ ਬਾਲਜਤੀ ਮੰਦਰ ਰੱਖੜਾ ਵਲੋਂ ਬੀਬੀ ਰਾਜਵੀਰ ਕੌਰ ਰੱਜੀ ਦੇ ਵਿਆਹ ਮੌਕੇ ਘਰੇਲੂ ਵਰਤੋਂ ਵਿਚ ਆਉਣ ਵਾਲਾ ਭੇਜਿਆ ਸਮਾਨ ਲੜਕੀ ਦੇ ਪਰਵਾਰ ਸਵਰਨ ਸਿੰਘ ਅਤੇ ਪਰਵਿੰਦਰ ਕੌਰ ਨੂੰ ਦਿੰਦੇ ਹੋਏ । ( ਫ਼ੋਟੋ ਤੇ ਵੇਰਵਾ ਚੇਤਨ ਮਹਿਤਾ )



## ਲੇਹ ਲੱਦਾਖ ਦੇ ਹਰਮਨ ਪਿਆਰੇ ਨੇਤਾ ਸੋਨਮ ਵਾਂਗ ਚੁੰਗ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਜਮਹੂਰੀ ਅਧਿਕਾਰ ਸਭਾ ਪੰਜਾਬ

### ਲਦਾਖ ਦੇ ਲੋਕਾਂ ਦੀਆਂ ਮੰਗਾਂ ਦਾ ਸਮਰਥਨ ਕਰਨ ਦਾ ਦਿੱਤਾ ਸੱਦਾ।

ਫਤਿਹਗੜ੍ਹ ਸਾਹਿਬ,1 ਅਕਤੂਬਰ (ਮਲਾਗਰ ਖਮਾਣੋਂ) ਲਦਾਖੀ ਲੋਕਾਂ ਦੇ ਹੱਕਾਂ ਲਈ ਲੜ ਰਹੇ ਵਿਸ਼ਵ ਪ੍ਰਸਿੱਧ ਵਾਤਾਵਰਨ ਵਿਗਿਆਨੀ ਜਲਵਾਯੂ ਕਾਰਜਕਰਤਾ ਸੰਸਾਰ ਪੱਧਰ ਦੀ ਸਨਮਾਨਿਤ ਹਸਤੀ ਸੋਨਮ ਵਾਂਗਚੁਕ ਨੂੰ ਦੇਸ਼ ਧ੍ਰੋਹੀ ਗਰਦਾਨ ਕੇ ਐਨਐਸਏ ਤਹਿਤ ਗ੍ਰਿਫਤਾਰ ਕਰਨ ਦੀ ਨਿਖੇਦੀ ਕਰਦਿਆਂ ਜਮਹੂਰੀ ਅਧਿਕਾਰ ਸਭਾ ਪੰਜਾਬ ਵਲੋਂ ਉਸ ਦੀ ਫੌਰੀ ਰਿਹਾਈ ਦੀ ਮੰਗ ਕੀਤੀ ਹੈ ਅਤੇ 24 ਸਤੰਬਰ ਨੂੰ ਲੱਦਾਖ ਵਿੱਚ ਨੌਜਵਾਨਾਂ ਦੇ ਪ੍ਰਦਰਸ਼ਨ ਉੱਤੇ ਗੋਲੀ ਚਲਾਉਣ ਦੀ ਨਿਰਪੱਖ ਜਾਂਚ ਪੜਤਾਲ ਦੀ ਮੰਗ ਕਰਦੀ ਹੈ । ਸੂਬਾਈ ਆਗੂ ਪ੍ਰੋਫੈਸਰ ਜਗਮੋਹਣ ਸਿੰਘ ਜਰਨਲ ਸਕੱਤਰ ਪ੍ਰਿਤਪਾਲ ਸਿੰਘ ਪ੍ਰੈਸ ਸਕੱਤਰ ਅਮਰਜੀਤ ਸ਼ਾਸਤਰੀ ਨੇ ਜਾਰੀ ਬਿਆਨ ਰਾਹੀਂ ਕਿਹਾ ਕਿ ਸਭਾ ਅਮਨ-ਪਸੰਦ ਅਤੇ ਨਿਆਂ-ਪਸੰਦ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਉਹ ਇਸ ਜਬਰ ਦੀ ਨਿੰਦਾ ਕਰਨ ਅਤੇ ਲੱਦਾਖ ਦੇ ਲੋਕਾਂ ਦੀਆਂ ਜਾਇਜ਼ ਮੰਗਾਂ ਦਾ ਸਮਰਥਨ ਕਰਨ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਦਾ ਇਹ ਪ੍ਰਦਰਸ਼ਨ, ਲੱਦਾਖ ਵਿੱਚ ਲੰਬੇ ਸਮੇਂ ਤੋਂ ਚੱਲ ਰਹੇ ਅੰਦੋਲਨ ਦਾ ਹਿੱਸਾ ਸੀ, ਜਿਸ ਦੀਆਂ ਮੁੱਖ ਮੰਗਾਂ ਖੇਤਰ ਨੂੰ ਰਾਜ ਦਾ ਦਰਜਾ ਦੇਣਾ ਅਤੇ ਇਸ ਨੂੰ ਸੰਵਿਧਾਨ ਦੀ ਛੇਵੇਂ ਸ਼ਡਿਊਲ ਵਿੱਚ ਸ਼ਾਮਿਲ ਕਰਨਾ ਹਨ। ਪ੍ਰਸਿੱਧ ਕਾਰਕੁਨ ਸੋਨਮ ਵਾਂਗਚੁਕ ਅਤੇ ਹੋਰ 34 ਲੋਕ 10 ਸਤੰਬਰ ਤੋਂ ਅਨਿਸ਼ਚਿਤ ਭੁੱਖ ਹੜਤਾਲ ’ਤੇ ਬੈਠੇ ਸਨ। 23 ਸਤੰਬਰ ਨੂੰ ਦੋ ਬਜ਼ੁਰਗ ਹੜਤਾਲੀਆਂ ਦੀ ਹਾਲਤ ਵਿਗੜਣ ਕਾਰਨ ਉਹਨਾਂ ਨੂੰ ਹਸਪਤਾਲ ’ਚ ਦਾਖਲ ਕਰਨਾ ਪਿਆ। ਇਸ ਘਟਨਾ ਨਾਲ ਨੌਜਵਾਨਾਂ ਦਾ ਗੁੱਸਾ ਭੜਕਣਾ ਸੁਭਾਵਿਕ ਸੀ।

ਉਨ੍ਹਾਂ ਕਿਹਾ ਕਿ ਦੇਸ਼ ਦੇ ਬਾਕੀ ਖੇਤਰਾਂ ਦੀ ਤਰ੍ਹਾਂ ਲੱਦਾਖ ਪ੍ਰਤੀ ਵੀ ਕੇਂਦਰ ਸਰਕਾਰ ਦਾ ਰਵੱਈਆ ਬੇਰੁਖ਼ੀ ਵਾਲਾ ਹੀ ਹੈ। ਕੇਂਦਰ ਸਰਕਾਰ ਦਾ ਮੁੱਖ ਉਦੇਸ਼ ਇਥੋਂ ਦੀ ਬਹੁਮੁੱਲੇ ਕੁਦਰਤੀ ਸੋਮਿਆਂ ਨੂੰ ਬਹੁ ਰਾਸ਼ਟਰੀ ਦੇਸੀ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਦਾ ਰਾਹ ਪੱਧਰਾ ਕੀਤਾ ਹੈ। ਭਾਵੇਂ ਕੇਂਦਰ ਸਰਕਾਰ ਵੱਲੋਂ ਗੱਲਬਾਤ ਲਈ ਮੀਟਿੰਗ ਬਹੁਤ ਦੇਰ ਬਾਅਦ 6 ਅਕਤੂਬਰ ਨੂੰ ਬੁਲਾਈ। ਪਰ ਗੱਲ ਬਾਤ ਰਾਹੀਂ ਮਸਲਾ ਹੱਲ ਕਰਨ ਦੀ ਬਜਾਏ ਲੋਕਾਂ ਦੇ ਹਰਮਨ ਪਿਆਰੇ ਨੇਤਾ ਨੂੰ ਦੇਸ਼ ਵਿਰੋਧੀ ਗਤੀਵਿਧੀਆਂ ਵਿਚ ਮਸ਼ਰੂਫ ਕਰਾਰ ਦੇ ਕੇ ਜੇਲ੍ਹ ਵਿੱਚ ਡੱਕ ਦਿੱਤਾ।

ਉਨ੍ਹਾਂ ਕਿਹਾ ਕਿ 2019 ਵਿੱਚ ਜੰਮੂ-ਕਸ਼ਮੀਰ ਨੂੰ ਤੋੜਨ ਸਮੇਂ ਭਾਜਪਾ ਸਰਕਾਰ ਨੇ ਰਾਜ ਦਾ ਦਰਜਾ ਦੇਣ ਅਤੇ ਲੱਦਾਖ ਦੇ ਲੋਕਾਂ ਦੇ ਮੁੱਦੇ ਹੱਲ ਕਰਨ ਦਾ ਵਾਅਦਾ ਕੀਤਾ ਸੀ। ਪਰ ਦੋਵੇਂ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ। ਹੁਣ ਭਾਜਪਾ-ਆਰ.ਐਸ.ਐਸ. ਸਰਕਾਰ ਸੋਨਮ ਵਾਂਗਚੁਕ ’ਤੇ ਨੌਜਵਾਨਾਂ ਨੂੰ ਹਿੰਸਾ ਲਈ ਉਕਸਾਉਣ ਦਾ ਦੋਸ਼ ਮੜ੍ਹ ਰਹੀ ਹੈ, ਜਦ ਕਿ ਉਹਨਾਂ ਨੇ ਯੁਵਕਾਂ ਵਿੱਚ ਵਧ ਰਹੀ ਨਿਰਾਸ਼ਾ ਵੱਲ ਲਗਾਤਾਰ ਅਣਦੇਖੀ ਕੀਤੀ। ਇਹ ਲੋਕ ਆਪਣੇ ਕੁਦਰਤੀ ਵਸੀਲਿਆਂ ਦੀ ਲੁੱਟ ਅਤੇ ਕਾਰਪੋਰੇਟੀ ਵਿਕਾਸ ਮਾਡਲ ਰਾਹੀਂ ਇਹਨਾਂ ਵਸੀਲਿਆਂ ਅਤੇ ਵਾਤਾਵਰਨ ਦੀ ਤਬਾਹੀ ਖਿਲਾਫ ਲੜ ਰਹੇ ਹਨ।ਸਰਕਾਰ ਹੁਣ ਵੀ ਲੱਦਾਖ ਦੇ ਲੋਕਾਂ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਦੇਣ ਤੋਂ ਇਨਕਾਰ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਆਰ ਐੱਸ ਐੱਸ ਭਾਜਪਾ ਦੀ ਹਿੰਦੂਤਵਾ, ਜੋ ‘ਹਿੰਦੂ, ਹਿੰਦੀ, ਹਿੰਦੁਸਤਾਨ’ ਦੀ ਧਾਰਨਾ ‘ਤੇ ਆਧਾਰਤ ਹੈ, ਖੇਤਰੀ ਅਤੇ ਧਾਰਮਿਕ ਘੱਟ ਗਿਣਤੀਆਂ ਦੇ ਮੁੱਦਿਆਂ ਨੂੰ ਸਮਝਣ ਵਿੱਚ ਅਸਮਰਥ ਹੈ। ਉੱਤਰ-ਪੂਰਬ ਦਾ ਮਣੀਪੁਰ ਪਿਛਲੇ ਦੋ ਸਾਲਾਂ ਤੋਂ ਸੜ ਰਿਹਾ ਹੈ ਪਰ ਕੇਂਦਰ ਸਰਕਾਰ ਨੇ ਕੋਈ ਅਸਲ ਕਦਮ ਨਹੀਂ ਚੁੱਕਿਆ। ਉਹਨਾਂ ਨੂੰ ਲੱਗਦਾ ਹੈ ਕਿ ਕਾਰਪੋਰੇਟ ਕੇਂਦਰਿਤ ‘ਵਿਕਾਸ’ ਦੇ ਕੁਝ ਲਾਭ ਸੌਂਪਣ ਨਾਲ ਹੀ ਸਾਰੀਆਂ ਸਮੱਸਿਆਵਾਂ ਹੱਲ ਹੋ ਜਾਣਗੀਆਂ। ਸਭਾ ਕੇਂਦਰ ਸਰਕਾਰ ਤੋਂ

ਜਬਰ ਤੁਰੰਤ ਬੰਦ ਕਰਨ ਦੀ ਮੰਗ ਕਰਦੀ ਹੈ। ਲੱਦਾਖ ਨੂੰ ਛੇਵੇਂ ਸ਼ਡਿਊਲ ਵਿੱਚ ਸ਼ਾਮਿਲ ਕਰਨ ਅਤੇ ਇਸਨੂੰ ਰਾਜ ਦਾ ਦਰਜਾ ਦੇਣ ਦੀ ਮੰਗ ਕਰਦੀ ਹੈ ਅਤੇ ਪ੍ਰਦਰਸ਼ਨਕਾਰੀਆਂ ਖਿਲਾਫ ਕੂੜ ਪ੍ਰਚਾਰ ਬੰਦ ਕਰਕੇ ਤੁਰੰਤ ਉਨ੍ਹਾਂ ਦੇ ਪ੍ਰਤੀਨਿਧੀਆਂ ਨਾਲ ਗੱਲਬਾਤ ਸ਼ੁਰੂ ਕਰਨ ਦੀ ਮੰਗ ਕਰਦੀ ਹੈ।

## ਵੇਰਕਾ ਮਿਲਕ ਪਲਾਂਟ, ਪਟਿਆਲਾ ਤੋਂ ਹੜ੍ਹ ਪੀੜਤਾਂ ਲਈ 800 ਰਾਹਤ ਕਿੱਟਾ ਦੇ ਤਿੰਨ ਟਰੱਕ ਰਵਾਨਾ







ਵੇਰਕਾ ਇੱਕ ਸਹਿਕਾਰੀ ਅਦਾਰਾ ਹੈ ਜੋ ਪਿੰਡ ਪੱਧਰ ਤੇ ਪੰਜਾਬ ਦੇ ਦੁੱਧ ਉਤਪਾਦਕਾਂ ਤੋਂ ਵੱਖ-ਵੱਖ ਸਭਾਵਾਂ/ ਡੇਅਰੀ ਫਾਰਮਰਾਂ ਰਾਹੀਂ ਦੁੱਧ ਦੀ ਖਰੀਦ ਦੇ ਵਾਜਿਬ ਰੇਟ ਦਿੰਦਿਆ ਹੋਇਆ ਹੋਰ ਕਈ ਤਰ੍ਹਾਂ ਦੀਆਂ ਸਹੂਲਤਾਵਾਂ ਮੁਹੱਈਆ ਕਰਵਾਉਂਦਾ ਹੈ। ਇਸ ਦੇ ਨਾਲ ਹੀ ਵੇਰਕਾ ਆਪਣੇ ਉਤਕ੍ਰਿਸ਼ਟ ਦੁੱਧ ਦੇ ਉਤਪਾਦਾਂ ਅਤੇ ਗੁਣਵੱਤਾ, ਨਵੀਨਤਾਂ ਅਤੇ ਸਮੁਦਾਇਕ ਭਲਾਈ ਦੀ ਪਾਬੰਦੀ ਲਈ ਜਾਣਿਆ ਜਾਂਦਾ ਹੈ। ਪਿਛਲੇ ਦਿਨਾਂ ਦੌਰਾਨ ਪੰਜਾਬ ਵਿੱਚ ਹੜ੍ਹਾਂ ਦੀ ਮਾਰ ਹੇਠ ਆਏ ਪੀੜਤ ਲੋਕਾਂ ਦੀ ਮਦਦ ਲਈ ਵੇਰਕਾ ਵੱਲੋਂ ਮਾਣਯੋਗ ਮੁੱਖ ਮੰਤਰੀ, ਪੰਜਾਬ ਜੀ ਦੀ ਯੋਗ ਅਗਵਾਈ ਹੇਠ ਅੱਜ ਮਿਤੀ 01.10.2025 ਨੂੰ ਵੇਰਕਾ ਮਿਲਕਫੈਡ ਦੇ ਚੇਅਰਮੈਨ ਸ.ਨਰਿੰਦਰ ਸਿੰਘ ਸ਼ੇਰਗਿੱਲ ਜੀ, ਸ੍ਰੀ ਪ੍ਰਦੀਪ ਮਲਹੋਤਰਾ ਜੀ, ਡਾ.ਨਾਗਰ ਸਿੰਘ (ਪੰਜਾਬੀ ਯੂਨੀਵਰਸਿਟੀ, ਪਟਿਆਲਾ) ਦੀ ਮੌਜੂਦਗੀ ਵਿੱਚ ਵੇਰਕਾ ਮਿਲਕ ਪਲਾਂਟ, ਪਟਿਆਲਾ ਵਿਖੇ ਹੜ੍ਹ ਪੀੜਤਾਂ ਲਈ 800 ਰਾਹਤ ਕਿੱਟਾ ਦੇ ਤਿੰਨ ਟਰੱਕ ਰਵਾਨਾ ਕੀਤੇ ਗਏ। ਇਸ ਮੌਕੇ ਵੇਰਕਾ ਮਿਲਕ ਪਲਾਂਟ ਦੇ ਚੇਅਰਮੈਨ ਸ.ਹਰਭਜਨ ਸਿੰਘ, ਸ.ਅਮਨਦੀਪ ਰਹਿਲ, ਮਿਲਕਫੈਡ ਡਾਇਰੈਕਟਰ, ਬੋਰਡ ਆਫ ਡਾਇਰੈਕਟਰਜ ਸਾਹਿਬਾਨ, ਪਲਾਂਟ ਦੇ ਜਨਰਲ ਮੈਨੇਜਰ ਸਾਹਿਬ ਸ਼੍ਰੀ ਅਨਿਮੇਸ਼ ਪ੍ਰਮਾਣਿਕ ਜੀ ਅਤੇ ਸਮੂਹ ਸ਼ਾਖਾ ਮੁੱਖੀ ਅਤੇ ਮੁਲਾਜਮ ਵੀ ਮੌਜੂਦ ਸਨ। ਇਸ ਤੋਂ ਇਲਾਵਾ ਮਾਣਯੋਗ ਪ੍ਰਬੰਧ ਨਿਰਦੇਸ਼ਕ, ਮਿਲਕਫੈਡ ਸ਼੍ਰੀ ਰਾਹੁਲ ਗੁਪਤਾ (ਆਈ.ਏ.ਐਸ.) ਜੀ ਦੀ ਯੋਗ ਅਗਵਾਈ ਹੇਠ ਪਿੰਡ ਪੱਧਰ ਤੇ ਦੁੱਧ ਉਤਪਾਦਕਾਂ / ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵੇਰਕਾ ਵੱਲੋਂ ਨਵੀਆਂ ਸਭਾਵਾਂ ਦਾ ਗਠਨ ਕੀਤਾ ਜਾ ਰਿਹਾ ਹੈ ਅਤੇ ਮਾਰਕੀਟ ਵਿੱਚ ਖਪਤਕਾਰਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਕਈ ਤਰ੍ਹਾਂ ਦੇ ਨਵੇਂ ਪਦਾਰਥ ਜਿਵੇਂ ਕਿ ਕਾਜੂ ਬਦਾਮ ਮਿਲਕ, ਰਬੜੀ ਅਤੇ ਹਾਈਪ੍ਰੋਟੀਨ ਪ੍ਰੋਬਾਇਓਟਿਕ ਦਹੀ ਆਦਿ ਦੀ ਮੰਡੀਕਰਣ ਸੂਰੂ ਕੀਤੀ ਗਈ ਹੈ ਅਤੇ ਅੱਗੇ ਭਵਿੱਖ ਵਿੱਚ ਵੀ ਹੋਰ ਕਈ ਤਰ੍ਹਾਂ ਦੇ ਨਵੇਂ ਪਦਾਰਥ ਲੌਂਚ ਕੀਤੇ ਜਾਣੇ ਹਨ।

## ਪਟਿਆਲਾ ਫਾਊਂਡੇਸ਼ਨ ਨੇ ਸੀਐਸਡੀਆਰਈਕੇਟ ਦੇ ਸਹਿਯੋਗ ਨਾਲ ਪ੍ਰੋਜੈਕਟ ਵਿਰਾਸਤ ਅਧੀਨ ਹੈਰੀਟੇਜ ਵਾਕ ਦਾ ਆਯੋਜਨ ਕੀਤਾ



ਪਟਿਆਲਾ ਫਾਊਂਡੇਸ਼ਨ ਨੇ ਆਪਣੀ ਪ੍ਰਮੁੱਖ ਪਹਿਲਕਦਮੀ ਪ੍ਰੋਜੈਕਟ ਵਿਰਾਸਤ ਅਧੀਨ, ਸੀਐਸਡੀਆਰਈਕੇਟ ਸੀਐਸਡੀਆਰਈਕੇਟ ਦੇ ਸਹਿਯੋਗ ਨਾਲ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸਮਾਜ ਸੇਵਕ ਵਿਭਾਗ ਦੇ ਵਿਦਿਆਰਥੀਆਂ ਲਈ ਇੱਕ ਹੈਰੀਟੇਜ ਵਾਕ ਦਾ ਸਫਲਤਾਪੂਰਵਕ ਆਯੋਜਨ ਕੀਤਾ। ਇਹ ਵਾਕ ਫਾਊਂਡੇਸ਼ਨ ਦੀ ਚੱਲ ਰਹੀ ਪਹਿਲ KYC 2.0 (ਆਪਣੇ ਸ਼ਹਿਰ ਨੂੰ ਜਾਣੋ) ਦੇ ਹਿੱਸੇ ਵਜੋਂ ਆਯੋਜਿਤ ਕੀਤੀ ਗਈ ਸੀ, ਜੋ ਕਿ ਨੌਜਵਾਨ ਨਾਗਰਿਕਾਂ ਨੂੰ ਉਨ੍ਹਾਂ ਦੇ ਜੱਦੀ ਸ਼ਹਿਰ ਦੇ ਅਮੀਰ ਸੱਭਿਆਚਾਰਕ ਤਾਣੇ-ਬਾਣੇ ਤੋਂ ਜਾਣੂ ਕਰਵਾਉਣ ਦੀ ਕੋਸ਼ਿਸ਼ ਕਰਦੀ ਹੈ। ਵਿਦਿਆਰਥੀਆਂ ਨੇ ਪਟਿਆਲਾ ਦੇ ਜੀਵਤ ਇਤਿਹਾਸ ਨਾਲ ਜੁੜਨ, ਵਿਰਾਸਤੀ ਸਥਾਨਾਂ ਦੀ ਪੜਚੋਲ ਕਰਨ, ਸਥਾਨਕ ਬਿਰਤਾਂਤਾਂ ਨੂੰ ਸੁਣਨ ਅਤੇ ਆਰਕੀਟੈਕਚਰਲ ਸ਼ਾਨ ਦੀ ਕਦਰ ਕਰਨ ਲਈ ਕਲਾਸਰੂਮਾਂ ਤੋਂ ਪਰੇ ਕਦਮ ਰੱਖਿਆ। ਇਸ ਵਾਕ ਨੇ ਭਾਗੀਦਾਰਾਂ ਨੂੰ ਆਪਣੇ ਆਪ ਨੂੰ ਸਿਰਫ਼ ਸੈਲਾਨੀਆਂ ਵਜੋਂ ਨਹੀਂ, ਸਗੋਂ ਸ਼ਹਿਰ ਦੀ ਵਿਰਾਸਤ ਦੇ ਰਖਵਾਲੇ ਵਜੋਂ ਦੇਖਣ ਲਈ ਪ੍ਰੇਰਿਤ ਕੀਤਾ।ਇਸ ਮੌਕੇ 'ਤੇ ਬੋਲਦਿਆਂ, ਪਟਿਆਲਾ ਫਾਊਂਡੇਸ਼ਨ ਦੇ ਸੀਈਓ ਅਤੇ ਸੰਸਥਾਪਕ ਰਵੀ ਸਿੰਘ ਆਹਲੂਵਾਲੀਆ ਨੇ ਕਿਹਾ, "ਅਜਿਹੀਆਂ ਸੈਰਾਂ ਨਾ ਸਿਰਫ਼ ਅਤੀਤ ਨੂੰ ਮੁੜ ਯਾਦ ਕਰਨ ਬਾਰੇ ਹਨ, ਸਗੋਂ ਨੌਜਵਾਨਾਂ ਵਿੱਚ ਆਪਣੇਪਣ ਅਤੇ ਸਾਂਝੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਬਾਰੇ ਵੀ ਹਨ। ਭਵਿੱਖ ਦੇ ਬਦਲਾਅ ਲਿਆਉਣ ਵਾਲੇ ਹੋਣ ਦੇ ਨਾਤੇ, ਵਿਦਿਆਰਥੀਆਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਮਾਲਕੀ ਦੀ ਇਸ ਭਾਵਨਾ ਨੂੰ ਅੱਗੇ ਵਧਾਉਣ, ਇਹ ਯਕੀਨੀ ਬਣਾਉਣ ਕਿ ਵਿਰਾਸਤ ਦੀ ਸੰਭਾਲ ਇੱਕ ਭਾਈਚਾਰਾ-ਅਧਾਰਤ ਤਰਜੀਹ ਬਣ ਜਾਵੇ। ਪਟਿਆਲਾ ਫਾਊਂਡੇਸ਼ਨ ਦਾ ਕੇਵਾਈਸੀ 2.0 ਹਰ ਉਮਰ ਦੇ ਵਿਦਿਆਰਥੀਆਂ ਲਈ ਅਜਿਹੀਆਂ ਸੈਰਾਂ ਦੀ ਮੇਜ਼ਬਾਨੀ ਕਰਨ ਲਈ ਤਿਆਰ ਕੀਤਾ ਗਿਆ ਹੈ।"“, ਵਿਦਿਆਰਥੀਆਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਇਸ ਭਾਵਨਾ ਨੂੰ ਅੱਗੇ ਵਧਾਉਣਗੇਸ਼੍ਰੀ ਆਹਲੂਵਾਲੀਆ ਨੇ ਪਟਿਆਲਾ ਦੇ ਸਾਰੇ ਵਿਦਿਅਕ ਅਦਾਰਿਆਂ ਨੂੰ ਵਿਰਾਸਤੀ ਸੈਰਾਂ ਨੂੰ ਸਿੱਖਣ ਦਾ ਇੱਕ ਲਾਜ਼ਮੀ ਹਿੱਸਾ ਬਣਾਉਣ ਲਈ ਹੱਥ ਮਿਲਾਉਣ ਲਈ ਖੁੱਲ੍ਹਾ ਸੱਦਾ ਵੀ ਦਿੱਤਾ, ਜਿਸ ਨਾਲ ਸ਼ਹਿਰ ਦੀ ਪਛਾਣ ਅਤੇ ਮਾਣ ਦੀ ਭਾਵਨਾ ਨਾਲ ਮਜ਼ਬੂਤ ਸਬੰਧ ਬਣਦੇ ਹਨ।ਪ੍ਰੋਜੈਕਟ iHERITAGE ਰਾਹੀਂ, ਪਟਿਆਲਾ ਫਾਊਂਡੇਸ਼ਨ ਪਾਠ ਪੁਸਤਕਾਂ ਤੋਂ ਇਤਿਹਾਸ ਨੂੰ ਅਨੁਭਵੀ ਯਾਤਰਾਵਾਂ ਵਿੱਚ ਬਦਲ ਕੇ ਸਿੱਖਣ ਦੇ ਤਰੀਕੇ ਨੂੰ ਮੁੜ ਆਕਾਰ ਦੇ ਰਹੀ ਹੈ ਜਿੱਥੇ ਵਿਰਾਸਤ, ਸੱਭਿਆਚਾਰ ਅਤੇ ਨਾਗਰਿਕ ਜ਼ਿੰਮੇਵਾਰੀ ਇਕੱਠੀ ਹੁੰਦੀ ਹੈ। ਇਹ ਡੁੱਬੇ ਹੋਏ ਅਨੁਭਵ ਉਤਸੁਕਤਾ ਪੈਦਾ ਕਰਦੇ ਹਨ, ਕਿਸੇ ਦੀਆਂ ਜੜ੍ਹਾਂ ਵਿੱਚ ਮਾਣ ਪੈਦਾ ਕਰਦੇ ਹਨ, ਅਤੇ ਇਸ ਗੱਲ 'ਤੇ ਜ਼ੋਰ ਦਿੰਦੇ ਹਨ ਕਿ ਟਿਕਾਊ ਸ਼ਹਿਰ ਉਦੋਂ ਬਣਦੇ ਹਨ ਜਦੋਂ ਭਾਈਚਾਰੇ ਆਪਣੇ ਸਾਂਝੇ ਵਾਤਾਵਰਣ ਨੂੰ ਸੁਰੱਖਿਅਤ ਰੱਖਣ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੇ ਹਨ। CSDIREKT ਨਾਲ ਸਹਿਯੋਗ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦਾ ਹੈ ਕਿ ਵਿਰਾਸਤੀ ਜਾਗਰੂਕਤਾ ਨੂੰ ਸਿੱਖਿਆ ਨਾਲ ਜੋੜਨਾ ਜ਼ਿੰਮੇਵਾਰ ਨਾਗਰਿਕਤਾ ਨੂੰ ਪ੍ਰੇਰਿਤ ਕਰਦਾ ਹੈ। ਵਾਕ ਵਿਦਿਆਰਥੀਆਂ ਦੇ ਵਿਚਾਰਾਂ ਨਾਲ ਸਮਾਪਤ ਹੋਇਆ, ਜਿਨ੍ਹਾਂ ਨੇ ਸਾਂਝਾ ਕੀਤਾ ਕਿ ਕਿਵੇਂ ਅਨੁਭਵ ਨੇ ਪਟਿਆਲਾ ਨਾਲ ਉਨ੍ਹਾਂ ਦੇ ਸਬੰਧ ਨੂੰ ਡੂੰਘਾ ਕੀਤਾ ਅਤੇ ਸੱਭਿਆਚਾਰਕ ਅਤੇ ਨਾਗਰਿਕ ਕਦਰਾਂ-ਕੀਮਤਾਂ ਨੂੰ ਪਾਲਣ ਵਿੱਚ ਨਾਗਰਿਕਾਂ ਦੀ ਭੂਮਿਕਾ ਬਾਰੇ ਉਨ੍ਹਾਂ ਦੇ ਦ੍ਰਿਸ਼ਟੀਕੋਣ ਨੂੰ ਵਿਸ਼ਾਲ ਕੀਤਾ।

ਏਆਈਜੀ ਨੇ ਕਿਹਾ ਕਿ ਸਪਲਾਈ ਚੇਨ ਦਾ ਪਤਾ ਲਗਾਉਣ ਅਤੇ ਜਲੰਧਰ ਵਿੱਚ ਖੇਪ ਪ੍ਰਾਪਤ ਕਰਨ ਵਾਲੀਆਂ ਦੀ ਪਛਾਣ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਗਾਮੀ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਉਮੀਦ ਹੈ।

# ਨੇਕਸਸ ਅੰਮ੍ਰਿਤਸਰ ਲੈ ਕੇ ਆਇਆ ਨਵਾਂ ਤਿਉਹਾਰੀ ਐਕਸਪੀਰੀਅੰਸ– ਦ ਲਾਸਟ ਵਰਲਡ

ਰਣਜੀਤ ਸਿੰਘ ਮਸੌਣ ਰਾਘਵ ਅਰੋੜਾ ਅੰਮ੍ਰਿਤਸਰ, 1 ਅਕਤੂਬਰ ਨੇਕਸਸ ਅੰਮ੍ਰਿਤਸਰ ਨੇ ਦ ਲਾਸਟ ਵਰਲਡ ਨਾਮਕ ਇੱਕ ਵਿਲੱਖਣ ਤਿਉਹਾਰੀ ਐਕਸਪੀਰੀਅੰਸ ਦਾ ਅਗਾਜ਼ ਕੀਤਾ ਹੈ, ਜੋ ਇਸ ਦੀਵਾਲੀ ਸੀਜ਼ਨ ਵਿੱਚ ਦਰਸ਼ਕਾਂ ਨੂੰ ਰੋਮਾਂਚ ਅਤੇ ਤਿਉਹਾਰਾਂ ਦੀ ਦੁਨੀਆ ਵਿੱਚ ਲੈ ਜਾਵੇਗਾ। ਖ਼ਾਸ ਤੌਰ 'ਤੇ ਤਿਆਰ ਕੀਤਾ ਗਿਆ ਇਹ ਐਕਸਪੀਰੀਅੰਸ ਜ਼ੋਨ 1 ਅਕਤੂਬਰ ਤੋਂ 30 ਨਵੰਬਰ 2025 ਤੱਕ ਆਮ ਲੋਕਾਂ ਲਈ ਖੁੱਲ੍ਹਾ ਰਹੇਗਾ ਅਤੇ ਦੋ ਮਹੀਨਿਆਂ ਤੱਕ ਪਰਿਵਾਰਾਂ ਅਤੇ ਦੋਸਤਾਂ ਨੂੰ ਲਗਾਤਾਰ ਮਨੋਰੰਜਨ ਪ੍ਰਦਾਨ ਕਰੇਗਾ। ਤਿਉਹਾਰੀ ਮਾਹੌਲ ਨੂੰ ਜੀਵੰਤ ਬਣਾਉਂਦੇ ਹੋਏ, ਦ ਲਾਸਟ ਵਰਲਡ ਕਲਪਨਾ ਦੀ ਅਜਿਹੀ ਦੁਨੀਆ ਦੀ ਸੈਰ ਕਰਾਵੇਗਾ, ਜਿਸਨੂੰ ਉਹ ਲੰਮੇ ਸਮੇਂ ਤੱਕ ਯਾਦ ਰੱਖਣਗੇ। ਬੱਚੇ ਹੋਣ, ਨੌਜ਼ਵਾਨ ਜਾਂ ਵੱਡੇ– ਸਭ




ਲਈ ਇਹ ਤਜ਼ਰਬਾ ਉਤਸ਼ਾਹ ਅਤੇ ਖੁਸ਼ੀ ਨਾਲ ਭਰਪੂਰ ਹੋਵੇਗਾ, ਨਾਲ ਹੀ ਪਰਿਵਾਰ ਅਤੇ ਦੋਸਤਾਂ ਨਾਲ ਮਿਲ ਕੇ ਖੁਸ਼ੀਆਂ ਸਾਂਝੀਆਂ ਕਰਨ ਦਾ ਸੁਨੇਹਰੀ ਮੌਕਾ ਵੀ ਦੇਵੇਗਾ।

ਇਸ ਵਿਸ਼ੇਸ਼ ਪਹਿਲ ਨਾਲ ਨੇਕਸਸ ਅੰਮ੍ਰਿਤਸਰ ਨੇ ਆਪਣੇ ਫੈਸਟਿਵ ਕੈਂਪੇਨ "ਇਹ ਦੀਵਾਲੀ ਖੁਸ਼ੀਆਂ ਵਾਲੀ" ਦੀ ਵੀ ਸ਼ੁਰੂਆਤ ਕੀਤੀ ਹੈ। ਇਸਦੇ ਤਹਿਤ ਦ ਲਾਸਟ ਵਰਲਡ ਨੂੰ ਲੈ ਕੇ ਵੱਡੇ ਪੱਧਰ 'ਤੇ ਪ੍ਰਮੋਸ਼ਨਲ ਡਰਾਈਵ ਚਲਾਇਆ ਜਾ ਰਿਹਾ ਹੈ।

## ਵਾਰਡ ਨੰਬਰ 10 ਵਿੱਚ ਹੋਇਆ ਇੰਟਰਲੋਕਿੰਗ ਟਾਈਲਾਂ ਦਾ ਕੰਮ ਸ਼ੁਰੂ

## ਬਨੂੜ 'ਚ ਤੇਜ਼ੀ ਨਾਲ ਹੋ ਰਹੇ ਹਨ ਵਿਕਾਸ ਕਾਰਜ ਦੇ ਕੰਮ: ਜਸਵਿੰਦਰ ਕੌਰ

ਰਾਜਪੁਰਾ/ਬਨੂੜ,01 ਅਕਤੂਬਰ (ਹਿਮਾਂਸ਼ੂ ਹੈਰੀ):ਹਲਕਾ ਰਾਜਪੁਰਾ ਦੇ ਨਾਲ ਲੱਗਦੇ ਬਨੂੜ ਦੇ ਵਾਰਡ ਨੰਬਰ 10 ਵਿੱਚ ਇੰਟਰਲੋਕਿੰਗ ਟਾਈਲਾਂ ਲਗਾਉਣ ਦਾ ਕੰਮ ਸ਼ੁਰੂ ਹੋ ਗਿਆ ਹੈ ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਮਹਿਲਾ ਵਿੰਗ ਬਨੂੜ ਦੀ ਆਗੂ ਜਸਵਿੰਦਰ ਕੌਰ ਅਤੇ ਆਪ ਆਗੂ ਲੱਕੀ ਸੰਧੂ ਨੇ ਦੱਸਿਆ ਕਿ ਹਲਕਾ ਵਿਧਾਇਕ ਰਾਜਪੁਰਾ ਨੀਨਾ ਮਿੱਤਲ ਜੀ ਦੀ ਰਹਿਨੁਮਾਈ ਹੇਠ ਬਨੂੜ ਦੇ ਵਿਕਾਸ ਕਾਰਜ ਬਹੁਤ ਤੇਜ਼ੀ ਨਾਲ ਹੋ ਰਹੇ ਹਨ ਬੰਦੇ ਖੜੀ ਬਨੂੜ ਸ਼ਹਿਰ ਵਿੱਚ ਜਿੰਨੀਆਂ ਵੀ ਗਲੀਆਂ ਨਾਲੀਆਂ ਟੁੱਟੀਆ ਹੋਈਆ ਹਨ ਉਹਨਾਂ ਨੂੰ ਹੁਣ ਨਵੇਂ ਸਿਰੇ ਤੋਂ ਬਣਾਇਆ ਜਾ ਰਿਹਾ ਹੈ ਜਸਵਿੰਦਰ ਕੌਰ ਅਤੇ ਲੱਕੀ ਸੰਧੂ ਦਾ ਕਹਿਣਾ ਹੈ ਕਿ ਹਲਕਾ ਵਿਧਾਇਕ ਰਾਜਪੁਰਾ ਨੀਨਾ ਮਿੱਤਲ ਵੱਲੋਂ ਬਨੂੜ ਸ਼ਹਿਰ ਦੇ ਵਿਕਾਸ ਕਾਰਜ ਪਹਿਲ ਦੇ ਅਧਾਰ ਤੇ ਕਰਵਾਏ ਜਾ ਰਹੇ ਹਨ ਜਿਨਾਂ ਤੋਂ ਬਨੂੜ ਇਲਾਕੇ ਦੇ ਲੋਕ ਬਹੁਤ ਖੁਸ਼ ਹਨ ਇਸ ਮੌਕੇ ਕੌਂਸਲਰ ਭਜਨ ਲਾਲ ਨੰਦਾ, ਬਲਜੀਤ ਸਿੰਘ ਬੱਲੀ, ਮਨਿੰਦਰਜੀਤ ਸਿੰਘ, ਰਮੇਸ਼



ਵਰਤੀਆ ਸ਼ਹਿਰੀ ਯੂਥ ਪ੍ਰਧਾਨ ਰੋਹਿਤ ਹਲਕਾ ਵਾਈਸ ਯੂਥ ਪ੍ਰਧਾਨ ਮਿੱਠੀ ਸੰਧੂ ਜਤਿੰਦਰ ਗੋਲਡੀ ਤੋਂ ਇਲਾਵਾ ਸਮੂਹ ਵਾਰਡ ਵਾਸੀਆਂ ਵੱਲੋਂ ਵਿਧਾਇਕ ਨੀਨਾ ਮਿੱਤਲ ਦਾ ਧੰਨਵਾਦ ਕੀਤਾ ਗਿਆ।

## ਰਾਜਪੁਰਾ ਵਿੱਚ ਬਹੁਕੌਮੀ ਕੰਪਨੀ ਡੀ.ਹਿਊਜ਼ ਦੇ ਪਲਾਂਟ ਦਾ ਕੀਤਾ ਉਦਘਾਟਨ

## ਪੰਜਾਬ ਬਣੇਗਾ ਦੇਸ਼ ਦਾ ਅਗਲਾ ਵਪਾਰਕ ਗੜ੍ਹ: ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ

ਪਟਿਆਲਾ/ਰਾਜਪੁਰਾ,01 ਅਕਤੂਬਰ (ਹਿਮਾਂਸ਼ੂ ਹੈਰੀ): ਪੰਜਾਬ ਦੇ ਮੁੱਖ ਮੰਤਰੀ ਨੇ ਅੱਜ ਉਮੀਦ ਜਤਾਈ ਕਿ ਆਪਣੀਆਂ ਸਨਅਤ ਪੱਖੀ ਤੇ ਕਾਰੋਬਾਰ ਲਈ ਅਨੁਕੂਲ ਮਾਹੌਲ ਕਾਰਨ ਸੂਬਾ ਮੁਲਕ ਦੇ ਅਗਲੇ ਵਪਾਰਕ ਗੜ੍ਹ ਵਜੋਂ ਉੱਭਰੇਗਾ। ਇੱਥੇ ਹਾਲੈਂਡ ਆਧਾਰਤ ਬਹੁਕੌਮੀ ਕੰਪਨੀ ਡੀ ਹਿਊਜ਼ ਦੇ ਪਸ਼ੂ ਫੀਡ ਪਲਾਂਟ ਦਾ ਉਦਘਾਟਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਨਅਤੀ ਤਰੱਕੀ ਨੂੰ ਹੁਲਾਰਾ ਦੇਣ ਲਈ ਕਾਰੋਬਾਰ ਵਿੱਚ ਸੌਖ ਸਣੇ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਹਮੇਸ਼ਾ ਤੋਂ ਮਿਹਨਤੀ, ਉੱਦਮੀ ਅਤੇ ਅਮੀਰ ਵਿਰਾਸਤ ਦੀ ਧਰਤੀ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਭਾਰਤ ਦਾ ਅਨਾਜ ਭੰਡਾਰ ਹੋਣ ਉੱਤੇ ਮਾਣ ਹੈ ਕਿਉਂਕਿ ਦੇਸ਼ ਦੇ ਅਨਾਜ ਭੰਡਾਰ ਵਿੱਚ ਸੂਬਾ ਸਭ ਤੋਂ ਵੱਧ ਯੋਗਦਾਨ ਪਾਉਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਪੰਜਾਬ ਦੇ ਸਨਅਤੀ ਸਫ਼ਰ ਵਿੱਚ ਸਿਫ਼ਤੀ ਤਬਦੀਲੀ ਆਈ ਹੈ, ਜਿਸ ਨਾਲ ਇਸ ਖ਼ੇਤਰ ਵਿੱਚ ਤੇਜ਼ ਰਫ਼ਤਾਰ ਦੇਖਣ ਨੂੰ ਮਿਲੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਪੰਜਾਬ ਸਨਅਤੀ ਪਾਵਰਹਾਊਸ ਬਣ ਗਿਆ ਹੈ ਅਤੇ ਫੂਡ ਪ੍ਰਾਸੈਸਿੰਗ, ਟੈਕਸਟਾਇਲ, ਆਟੋ ਕੰਪੋਨੈਂਟ, ਹੈਂਡ ਟੂਲਜ਼, ਸਾਈਕਲ, ਆਈ.ਟੀ., ਟੂਰਿਜ਼ਮ ਤੇ ਹੋਰ ਖ਼ੇਤਰਾਂ ਵਿੱਚ ਮੋਹਰੀ ਭੂਮਿਕਾ ਵਿੱਚ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਨਅਤੀ ਤਰੱਕੀ ਅਸਲ ਵਿੱਚ ਆਲਮੀ ਮੁਹਾਂਦਰਾ ਰੱਖਦੀ ਹੈ ਕਿਉਂਕਿ ਸੂਬੇ ਦੀਆਂ ਸੰਭਾਵਨਾਵਾਂ ਨੂੰ ਪਛਾਣਦਿਆਂ ਵਿਸ਼ਵ ਦੇ ਕਈ ਨਿਵੇਸ਼ਕ ਪੰਜਾਬ ਵੱਲ ਰੁਖ਼ ਕਰ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੂੰ ਹੁਣ ਤੱਕ 1.23 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਮਿਲੇ ਹਨ, ਜਿਸ ਨਾਲ ਨੌਕਰੀਆਂ ਦੇ 4.7 ਲੱਖ ਮੌਕੇ ਪੈਦਾ ਹੋਣ ਦੀ ਸੰਭਾਵਨਾ ਹੈ। ਇਸ ਨਾਲ ਪੰਜਾਬ ਸਨਅਤੀ ਤਰੱਕੀ ਤੇ ਨਵੀਨਾਕਾਰੀ ਵਿੱਚ ਉੱਭਰ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਨੈਸਲੇ, ਕਲਾਸ, ਫਰੈਡਨਬਰਗ, ਕਾਰਗਿਲ, ਵਰਬਿਓ, ਡੈਨੋਨ ਤੇ ਹੋਰ ਕਈ ਵਿਸ਼ਵ ਪ੍ਰਸਿੱਧ ਕੰਪਨੀਆਂ ਨੇ ਪੰਜਾਬ ਨੂੰ ਆਪਣੇ ਕਾਰੋਬਾਰ ਲਈ ਚੁਣਿਆ ਅਤੇ ਇੱਥੇ ਆਪਣਾ ਕੰਮਕਾਜ ਸ਼ੁਰੂ ਕੀਤਾ, ਜਿਸ ਨਾਲ ਉਹ ਸੂਬੇ ਦੇ ਅਰਥਚਾਰੇ ਦੀ ਤਬਦੀਲੀ ਵਿੱਚ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕੌਮਾਂਤਰੀ ਕੰਪਨੀਆਂ ਨੇ ਪੰਜਾਬ ਦੀ ਸੰਭਾਵਨਾ ਅਤੇ ਵਪਾਰ ਨੂੰ ਹੁਲਾਰਾ ਦੇਣ ਲਈ ਸੂਬੇ ਵੱਲੋਂ ਦਿੱਤੇ ਅਨੁਕੂਲ ਮਾਹੌਲ ਨੂੰ ਪਛਾਣਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀ ਆਲਮੀ ਪਹੁੰਚ ਜੱਗ-ਜ਼ਾਹਰ ਹੈ ਕਿਉਂਕਿ ਜਾਪਾਨ, ਅਮਰੀਕਾ, ਜਰਮਨੀ, ਇੰਗਲੈਂਡ, ਸੰਯੁਕਤ ਅਰਬ ਅਮੀਰਾਤ, ਸਵਿੱਟਜ਼ਰਲੈਂਡ, ਫਰਾਂਸ, ਸਪੇਨ ਤੇ ਹੋਰ ਮੁਲਕਾਂ ਤੋਂ ਨਿਵੇਸ਼ ਆ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਆਪਣਾ ਅਹੁਦਾ ਸੰਭਾਲਣ ਮਗਰੋਂ ਉਨ੍ਹਾਂ ਨਿਵੇਸ਼ ਪੱਖੀ ਮਾਹੌਲ ਸਿਰਜਿਆ, ਜਿਸ ਨਾਲ ਵਪਾਰ ਲਈ ਸੌਖ ਵਾਲੇ ਮਾਹੌਲ ਨੂੰ ਠੁੰਮਣਾ ਮਿਲਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਸਨਅਤ ਪੱਖੀ ਨੀਤੀਆਂ ਕਾਰਨ ਪੰਜਾਬ ਨੇ 'ਵਪਾਰ ਲਈ ਸੌਖ' ਦੇ ਖ਼ੇਤਰ ਵਿੱਚ ਮੋਹਰੀ ਸਥਾਨ ਹਾਸਲ ਕੀਤਾ। ਪੰਜਾਬ ਸਰਕਾਰ ਨੇ ਭਾਰਤ ਦਾ ਸਭ ਤੋਂ ਆਧੁਨਿਕ ਸਿੰਗਲ ਵਿੰਡੋ ਸਿਸਟਮ 'ਫਾਸਟ ਟਰੈਕ ਪੰਜਾਬ ਪੋਰਟਲ' ਲਾਂਚ ਕੀਤਾ ਹੈ, ਜੋ ਵਪਾਰ ਲਈ ਸਾਰੀਆਂ ਸੇਵਾਵਾਂ ਨੂੰ ਇੱਕੋ ਜਗ੍ਹਾ ਮੁਹੱਈਆ ਕਰਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸੂਬਾ ਸਰਕਾਰ ਨੇ ਮੋਹਰੀ ਸਨਅਤਕਾਰਾਂ ਦੀ ਪ੍ਰਧਾਨਗੀ ਹੇਠ ਵੱਖ-ਵੱਖ ਸ਼੍ਰੇਣੀਆਂ ਦੇ ਕਾਰੋਬਾਰਾਂ ਦੇ ਪੱਖ ਵਿੱਚ ਨੀਤੀਆਂ ਬਣਾਉਣ ਲਈ 24 ਸੈਕਟਰਲ ਕਮੇਟੀਆਂ ਕਾਇਮ ਕੀਤੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਡੀ ਹਿਊਜ਼ ਕੰਪਨੀ ਨੇ ਪੰਜਾਬ ਵਿੱਚ 150 ਕਰੋੜ ਰੁਪਏ ਦਾ ਨਿਵੇਸ਼ ਕੀਤਾ ਹੈ, ਜਿਸ ਨਾਲ ਨੌਜਵਾਨਾਂ ਲਈ ਨੌਕਰੀਆਂ ਦੇ ਨਵੇਂ ਮੌਕੇ ਖੁੱਲ੍ਹਣਗੇ ਅਤੇ ਸੂਬੇ ਨੂੰ ਲੰਮੇ ਸਮੇਂ ਵਿੱਚ ਫਾਇਦਾ ਹੋਵੇਗਾ। ਉਨ੍ਹਾਂ ਉਮੀਦ ਜਤਾਈ ਕਿ ਹੋਰ ਕੰਪਨੀਆਂ ਵੀ ਡੀ ਹਿਊਜ਼ ਦੇ ਰਾਹ ਉੱਤੇ ਚੱਲਦਿਆਂ ਮੌਕਿਆਂ ਦੀ ਧਰਤੀ ਪੰਜਾਬ ਨੂੰ ਨਿਵੇਸ਼ ਲਈ ਚੁਣਨਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਲਾਂਟ ਦੀ ਸਮਰੱਥਾ 180 ਕਿਲੋ ਮੀਟਰਿਕ ਟਨ ਦੀ ਹੈ, ਜਿਸ ਨੂੰ 240 ਕਿਲੋ ਮੀਟਰਿਕ ਟਨ ਤੱਕ ਵਧਾਇਆ ਜਾ ਸਕਦਾ ਹੈ ਕਿਉਂਕਿ ਕੰਪਨੀ ਦੀ




ਆਲਮੀ ਪੱਧਰ ਉੱਤੇ ਪਸ਼ੂਆਂ ਦਾ ਫੀਡ ਬਣਾਉਣ ਦੀ ਕੁੱਲ ਸਮਰੱਥਾ 120 ਲੱਖ ਟਨ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਅਤਿ-ਆਧੁਨਿਕ ਪਲਾਂਟ ਪ੍ਰਦੂਸ਼ਣ ਮੁਕਤ ਤਕਨਾਲੋਜੀ ਨਾਲ ਲੈਸ ਹੈ, ਜੋ ਵਧੀਆ ਵਾਤਾਵਰਨ ਸਿਰਜਣ ਵਿੱਚ ਮਦਦਗਾਰ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਸੂਬੇ ਲਈ ਇਤਿਹਾਸਕ ਦਿਨ ਹੈ ਕਿਉਂਕਿ ਇਕ ਹੋਰ ਬਹੁਕੌਮੀ ਕੰਪਨੀ ਨੇ ਇੱਥੇ ਆਪਣਾ ਕੰਮਕਾਜ ਅਤੇ ਮੈਨੂਫੈਕਚਰਿੰਗ ਸ਼ੁਰੂ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਟਾਟਾ ਸਟੀਲ ਤੋਂ ਬਾਅਦ ਇਹ ਦੂਜਾ ਵੱਡਾ ਨਿਵੇਸ਼ ਹੈ। ਇਸ ਤੋਂ ਇਲਾਵਾ ਵਰਬਿਓ, ਜੇ.ਐਸ.ਡਬਲਯੂ. ਪਲਾਂਟ, ਕਾਰਗਿਲ, ਵਰਧਮਾਨ ਤੇ ਓਸਵਾਲ ਨੇ ਵੀ ਸੂਬੇ ਵਿੱਚ ਨਿਵੇਸ਼ ਕੀਤਾ ਹੈ।ਹਾਲੈਂਡ ਨਾਲ ਭਾਵੁਕ ਸਾਂਝ ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਦੁਨੀਆ ਭਰ ਵਿੱਚ ਘੁੰਮਣ ਦੌਰਾਨ ਉਨ੍ਹਾਂ ਨੂੰ ਹਾਲੈਂਡ ਦੇ ਸ਼ਹਿਰ ਐਮਸਟਰਡਮ ਵੀ ਜਾਣ ਦਾ ਮੌਕਾ ਮਿਲਿਆ, ਜਿਹੜਾ ਵਿਸ਼ਵ ਭਰ ਦੇ ਮਹਾਨ ਸ਼ਹਿਰਾਂ ਵਿੱਚੋਂ ਇਕ ਹੈ। ਉਨ੍ਹਾਂ ਕਿਹਾ ਕਿ ਹਾਲੈਂਡ ਤੇ ਪੰਜਾਬ ਦੇ ਸੱਭਿਆਚਾਰ ਵਿੱਚ ਕਈ ਸਮਾਨਤਾਵਾਂ ਹਨ। ਉਨ੍ਹਾਂ ਕਿਹਾ ਕਿ ਇਸ ਅਹਿਮ ਪ੍ਰਾਜੈਕਟ ਰਾਹੀਂ ਪੰਜਾਬ ਨੂੰ ਵੱਡਾ ਫਾਇਦਾ ਮਿਲੇਗਾ। ਭਗਵੰਤ ਸਿੰਘ ਮਾਨ ਨੇ ਉਮੀਦ ਜਤਾਈ ਕਿ ਇਸ ਅਤਿ-ਆਧੁਨਿਕ ਪਲਾਂਟ ਨਾਲ ਪੰਜਾਬ ਦੇ ਡੇਅਰੀ ਉਦਯੋਗ ਨੂੰ ਵਧਣ-ਫੁੱਲਣ ਵਿੱਚ ਮਦਦ ਮਿਲੇਗੀ ਅਤੇ ਸੂਬੇ ਦੀ ਸਨਅਤੀ ਤਰੱਕੀ ਨੂੰ ਵੱਡਾ ਹੁਲਾਰਾ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਗੁਰੂ ਸਾਹਿਬ ਦੀ ਵਰੋਸਾਈ ਧਰਤੀ ਹੈ ਅਤੇ ਸੂਬੇ ਦੇ ਲੋਕ ਹਰੇਕ ਹਾਲਾਤ ਵਿੱਚ ਢਲਣ ਦੇ ਹੁਨਰ ਨਾਲ ਲੈਸ ਹਨ ਕਿਉਂਕਿ ਪੰਜਾਬੀਆਂ ਨੂੰ 'ਗਲੋਬਲ ਸਿਟੀਜ਼ਨ' ਕਿਹਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਭਾਰਤ ਦੇ ਕੌਮੀ ਪੂਲ ਵਿੱਚ 180 ਲੱਖ ਟਨ ਝੋਨਾ ਅਤੇ 125 ਲੱਖ ਟਨ ਕਣਕ ਦਾ ਯੋਗਦਾਨ ਪਾਉਣ ਕਾਰਨ ਪੰਜਾਬ ਨੂੰ ਭਾਰਤ ਦਾ ਅਨਾਜ ਭੰਡਾਰ ਕਿਹਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਾਲੈਂਡ ਵਾਂਗ ਪੰਜਾਬ ਦਾ ਵੀ ਅਮੀਰ ਖੇਡ ਵਿਰਸਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਹਾਕੀ ਟੀਮ ਦੇ ਨੌਂ ਮੈਂਬਰ ਪੰਜਾਬ ਨਾਲ ਸਬੰਧਤ ਹਨ। ਇਸ ਤੋਂ ਇਲਾਵਾ ਭਾਰਤੀ ਮਹਿਲਾ ਕ੍ਰਿਕਟ ਟੀਮ ਅਤੇ ਭਾਰਤੀ ਪੁਰਸ਼ ਫੁਟਬਾਲ ਟੀਮ ਦੇ ਕਪਤਾਨ ਵੀ ਪੰਜਾਬੀ ਹਨ। ਹਾਲ ਹੀ ਵਿੱਚ ਆਏ ਭਿਆਨਕ ਹੜ੍ਹਾਂ ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਨੇ ਕਈ ਦਹਾਕਿਆਂ ਮਗਰੋਂ ਇਸ ਤਰ੍ਹਾਂ ਦੀ ਕੁਦਰਤੀ ਆਫ਼ਤ ਦਾ ਸਾਹਮਣਾ ਕੀਤਾ ਹੈ। ਉਨ੍ਹਾਂ ਕਿਹਾ ਕਿ 2300 ਪਿੰਡ ਪੂਰੀ ਤਰ੍ਹਾਂ ਡੁੱਬ ਗਏ, ਜਿਸ ਕਾਰਨ 20 ਲੱਖ ਲੋਕ ਪ੍ਰਭਾਵਿਤ ਹੋਏ ਅਤੇ ਤਕਰੀਬਨ ਪੰਜ ਲੱਖ ਏਕੜ ਰਕਬੇ ਵਿੱਚ ਫ਼ਸਲਾਂ ਪ੍ਰਭਾਵਿਤ ਹੋਈਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੜ੍ਹਾਂ ਕਾਰਨ 60 ਜਾਨਾਂ ਚਲੀਆਂ ਗਈਆਂ ਅਤੇ ਸੱਤ ਲੱਖ ਤੋਂ ਵੱਧ ਲੋਕ ਬੇਘਰ ਹੋ ਗਏ। ਇਸ ਨਾਲ ਸੂਬੇ ਵਿੱਚ ਬੁਨਿਆਦੀ ਢਾਂਚੇ ਦਾ ਵੱਡੇ ਪੱਧਰ ਉੱਪਰ ਨੁਕਸਾਨ ਹੋਇਆ। ਮੁੱਖ ਮੰਤਰੀ ਨੇ ਕਿਹਾ ਕਿ 3200 ਸਰਕਾਰੀ ਸਕੂਲ,19 ਕਾਲਜ,1400 ਕਲੀਨਿਕ ਅਤੇ ਹਸਪਤਾਲਾਂ ਨੂੰ ਨੁਕਸਾਨ ਪੁੱਜਿਆ। ਇਸ ਤੋਂ ਇਲਾਵਾ 8500 ਕਿਲੋਮੀਟਰ ਸੜਕਾਂ ਤੇ 2500 ਪੁਲਾਂ ਦਾ ਨੁਕਸਾਨ ਹੋਇਆ। ਉਨ੍ਹਾਂ ਕਿਹਾ ਕਿ ਮੁੱਢਲੇ ਅਨੁਮਾਨਾਂ ਅਨੁਸਾਰ ਲਗਪਗ 13800 ਕਰੋੜ ਰੁਪਏ ਦੀ ਸੰਪੱਤੀ ਨੁਕਸਾਨੀ ਗਈ, ਹਾਲਾਂਕਿ ਅਸਲ ਅੰਕੜੇ ਇਸ ਤੋਂ ਵੀ ਕਿਤੇ ਵੱਧ ਹੋ ਸਕਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਹਮੇਸ਼ਾ ਤੋਂ ਹਰੇਕ ਵਿਰੋਧ ਦੇ ਸਾਹਮਣੇ ਹਿੱਕ ਡਾਹ ਕੇ ਖੜ੍ਹਦਾ ਆਇਆ ਹੈ ਅਤੇ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਆਪਣੇ ਸ਼ਾਨਾਮੱਤੇ ਇਤਿਹਾਸ ਨੂੰ ਦੁਨੀਆ ਭਰ ਵਿੱਚ ਦੁਹਰਾਏਗਾ।

## ਜਥੇਦਾਰ ਤੇਜਾ ਸਿੰਘ ਭੁੱਚਰ ਜਿਨ੍ਹਾਂ ਦੀ 86ਵੀਂ ਬਰਸੀ ਮੌਕੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਕਰਨਗੇ ਸਮਾਗਮ ਨੂੰ ਸੰਬੋਧਨ

### ਜਥੇਦਾਰ ਤੇਜਾ ਸਿੰਘ ਭੁੱਚਰ ਦੀ ਸਲਾਨਾ ਯਾਦ ਨੂੰ ਸਮਰਪਿਤ ਅੱਜ ਸੁੰਦਰ ਦਸਤਾਰ, ਦੁਮਾਲੇ, ਲੰਮੇ ਕੇਸ, ਸੁੰਦਰ ਲਿਖਾਈ,ਕਵੀਸ਼ਰੀ ਅਤੇ ਕਵਿਤਾ ਧਾਰਮਿਕ ਮੁਕਾਬਲੇ ਕਰਵਾਏ

ਅਮ੍ਰਿਤਸਰ (ਗੁਰਪ੍ਰੀਤ ਸਿੰਘ ਡੱਬ)ਗੁਰਦੁਆਰਾ ਸੁਧਾਰ ਲਹਿਰ ਤੇ ਅਕਾਲੀ ਲਹਿਰ ਦੇ ਮੋਢੀ, ਅਣਖੀਲੇ ਜਰਨੈਲ ਅਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਪਹਿਲੇ ਜਥੇਦਾਰ ਤੇਜਾ ਸਿੰਘ ਭੁੱਚਰ ਜਿਨ੍ਹਾਂ ਦੀ 86ਵੀਂ ਬਰਸੀ 2 ਅਕਤੂਬਰ 2025 ਨੂੰ ਪਿੰਡ ਨਿੰਕਾ ਭੁੱਚਰ ਵਿਖੇ ਮਨਾਈ ਜਾ ਰਹੀ ਹੈ ਇਸ ਸਬੰਧ ਵਿੱਚ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਪੰਜਾਬ ਦੇ ਸਹਿਯੋਗ ਨਾਲ ਜਥੇਦਾਰ ਤੇਜਾ ਸਿੰਘ ਭੁੱਚਰ ਦੀ ਸਲਾਨਾ ਯਾਦ ਨੂੰ ਸਮਰਪਿਤ ਅੱਜ ਸੁੰਦਰ ਦਸਤਾਰ, ਦੁਮਾਲੇ, ਲੰਮੇ ਕੇਸ, ਸੁੰਦਰ ਲਿਖਾਈ,ਕਵੀਸ਼ਰੀ ਅਤੇ ਕਵਿਤਾ ਧਾਰਮਿਕ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ 300 ਦੇ ਕਰੀਬ ਵਿਦਿਆਰਥੀਆਂ ਨੇ ਹਿੱਸਾ ਲਿਆਮੁੱਖ ਪ੍ਰਬੰਧਕ ਪਵਨਦੀਪ ਸਿੰਘ ਨੇ ਜੇਤੂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਕਿਹਾ ਤੇਜਾ ਸਿੰਘ ਭੁੱਚਰ ਯਾਦਗਾਰੀ ਕਮੇਟੀ ਵੱਲੋਂ ਸਮੇਂ ਸਮੇਂ ਤੇ ਬੱਚਿਆਂ ਨੂੰ ਨਸ਼ੇ ਤੋਂ ਦੂਰ ਰਹਿਣ ਦੇ ਲਈ ਅਤੇ ਸਿੱਖੀ ਅਤੇ ਸਿੱਖਿਆ ਦੇ ਪ੍ਰਚਾਰ ਲਈ ਕਈ ਸਮਾਗਮ ਕੀਤੇ ਜਾਂਦੇ ਹਨ,ਪ੍ਰਬੰਧਕ ਪਵਨਦੀਪ ਸਿੰਘ ਨੇ 2 ਅਕਤੂਬਰ ਸਵੇਰੇ10ਵਜੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਵੱਖ ਵੱਖ ਸਿਆਸੀ ਧਾਰਮਿਕ ਅਤੇ ਰਾਜਨੀਤਿਕ ਆਗੂਆਂ ਵੱਲੋਂ ਸਮਾਗਮ ਤੇ ਹਾਜਰੀ ਭਰ ਕੇ ਜਥੇਦਾਰ ਤੇਜਾ ਸਿੰਘ ਭੁੱਚਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ ਅੱਜ ਦੇ ਸਮਾਗਮ ਵਿੱਚ ਰਣਬੀਰ ਸਿੰਘ ਦੁਬਈ ਵਾਲੇ ਬਾਬਾ ਸੁਖਵਿੰਦਰ ਸਿੰਘ ਰਣਜੀਤ ਸਿੰਘ ਦੁਬਈ ਗੁਰਨਾਮ ਸਿੰਘ ਫੌਜੀ ਸੁਰਜੀਤ ਸਿੰਘ ਛਬਾ ਤਰਸੇਮ ਸਿੰਘ ਜੁਗਰਾਜ ਸਿੰਘ ਬਲਜਿੰਦਰ ਸਿੰਘ ਮੱਲ ਭਾਈ ਨਿਰਮਲ ਸਿੰਘ ਪ੍ਰਚਾਰ ਸਕੱਤਰ ਸ਼ਹੀਦ ਭਾਈ ਤਾਰੂ ਸਿੰਘ ਸੋਸਾਇਟੀ ਸ੍ਰ ਗੁਰਜੰਟ ਸਿੰਘ ਸੁਖਮਨ ਸਿੰਘ ਮਾਸਟਰ ਬਿਕਰ ਸਿੰਘ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਬੀਬੀ ਰਜਿੰਦਰ ਕੌਰ ਬਾਬਾ ਬੁੱਢਾ ਜੀ ਪਬਲਿਕ ਸਕੂਲ ਅਤੇ ਵੱਡੀ ਗਿਣਤੀ ਦੇ ਵਿਚ ਸੰਗਤਾਂ ਹਾਜ਼ਰ ਸਨ।



## ਪਾਵਰਕਾਮ ਦੇ ਪੈਨਸ਼ਨਰਾਂ ਵੱਲੋਂ ਆਪਣੀਆਂ ਮੰਗਾਂ ਮਨਾਉਣ ਲਈ ਸਰਕਲ ਦਫਤਰ ਅੱਗੇ ਦਿੱਤਾ ਜਬਰਦਸਤ ਰੋਸ ਧਰਨਾ

ਸਮਰਾਲਾ 1 ਅਕਤੂਬਰ ( ਜਸ਼ਨ ) ਪੈਨਸ਼ਨਰਜ਼ ਐਸੋਸੀਏਸ਼ਨ (ਰਜਿ:) ਸਰਕਲ ਰੋਪੜ ਵਲੋਂ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਆਪਣੀਆਂ ਮੰਗਾਂ ਮਨਾਉਣ ਲਈ ਸਰਕਲ ਪ੍ਰਧਾਨ ਸਿਕੰਦਰ ਸਿੰਘ ਦੀ ਪ੍ਰਧਾਨਗੀ ਹੇਠ ਸਰਕਲ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਅਤੇ ਉੱਪ ਮੁੱਖ ਇੰਜੀਨੀਅਰ ਰੋਪੜ ਰਾਹੀਂ ਪਾਵਰਕੌਮ ਮੈਨੇਜਮੈਂਟ ਨੂੰ ਮੰਗ ਪੱਤਰ ਭੇਜਿਆ। ਧਰਨੇ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਕਲ ਸਕੱਤਰ ਭਰਪੂਰ ਸਿੰਘ ਨੇ ਦੱਸਿਆ ਕਿ ਰੋਸ ਧਰਨੇ ਵਿੱਚ ਸਰਕਲ ਰੋਪੜ ਦੇ ਵੱਖ ਵੱਖ ਮੰਡਲਾਂ ਸਮਰਾਲਾ, ਆਨੰਦਪੁਰ ਸਾਹਿਬ, ਰੋਪੜ ਅਤੇ ਮੋਰਿੰਡਾ ਤੋਂ ਹਜਾਰਾਂ ਪੈਨਸ਼ਨਰਾਂ ਨੇ ਸ਼ਮੂਲੀਅਤ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਪੈਨਸ਼ਨਰ ਆਗੂਆਂ ਨੇ ਮੰਗ ਕੀਤੀ ਕਿ 01-01-2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ 2.59 ਦੇ ਗੁਣਾਕ ਨਾਲ ਸੋਧੀਆ ਜਾਣ , ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ, ਮਹਿੰਗਾਈ ਭੱਤਾ ਦੀਆਂ ਰਹਿੰਦੀਆਂ ਕਿਸ਼ਤਾਂ ਸਮੇਤ ਏਰੀਅਰ ਜਾਰੀ ਕੀਤੇ ਜਾਣ, ਸਾਰਿਆਂ ਨੂੰ ਬਿਨਾਂ ਸ਼ਰਤ 23 ਸਾਲਾਂ ਪੇ ਸਕੇਲ ਦਿੱਤਾ ਜਾਵੇ, ਪੈਨਸ਼ਨਰਾਂ ਨੂੰ ਰਿਟਾਇਰ ਤੋਂ ਬਾਅਦ ਬਿਜਲੀ ਬਿੱਲ ਵਿੱਚ ਰਿਆਇਤ ਦਿੱਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਬਿਜਲੀ ਅਦਾਰੇ ਵਿਚ ਨਿਜੀਕਰਣ ਕਰਨ ਦਾ ਫੈਸਲਾ ਵਾਪਸ ਲਿਆ ਜਾਵੇ, ਸਾਰੇ ਕੱਚੇ ਅਤੇ ਆਊਟ ਸੋਰਸਿੰਗ ਕਾਮੇ ਪੱਕੇ ਕੀਤੇ ਜਾਣ, ਬੁਢਾਪਾ ਅਲਾਊਂਸ ਨੂੰ ਬੇਸਿਕ ਪੇ ਵਿਚ ਸ਼ਾਮਿਲ ਕੀਤਾ ਜਾਵੇ ਆਦਿ 16 ਮੰਗਾਂ ਦੇ ਮੰਗ ਪੱਤਰ ਮੰਨਜ਼ੂਰ ਕੀਤਾ ਜਾਵੇ ਨਹੀਂ ਤਾਂ 7 ਨਵੰਬਰ ਨੂੰ ਪਟਿਆਲਾ ਵਿਖੇ ਸੂਬਾ ਪੱਧਰੀ ਧਰਨੇ ਵਿੱਚ ਰੋਪੜ ਸਰਕਲ ਦੇ ਪੈਨਸ਼ਨਰ ਸੈਂਕੜਿਆਂ ਦੀ ਗਿਣਤੀ ਵਿੱਚ ਸ਼ਾਮਲ ਹੋਣਗੇ । ਆਗੂਆਂ ਨੇ ਇਹ ਵੀ ਅਪੀਲ ਕੀਤੀ ਕਿ 11 ਅਕਤੂਬਰ ਨੂੰ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਦੀ ਸੰਗਰੂਰ ਮਹਾਂ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇ। ਰੋਸ ਪ੍ਰਦਰਸ਼ਨ ਦੌਰਾਨ ਸਰਕਲ ਸਕੱਤਰ ਭਰਪੂਰ ਸਿੰਘ ਵੱਲੋਂ ਦੋ ਮਤੇ ਪੇਸ਼ ਕੀਤੇ ਗਏ। ਜਿਨ੍ਹਾਂ ਵਿੱਚ ਪੰਜਾਬ ਅੰਦਰ ਆਏ ਹੜ੍ਹਾਂ ਕਾਰਨ ਹੋਏ ਜਾਨੀ ਅਤੇ ਮਾਲੀ ਨੁਕਸਾਨ ਸਰਕਾਰਾਂ ਦੀਆਂ ਗੰਭੀਰ ਕੁਤਾਹੀਆਂ ਅਤੇ ਘਟੀਆ ਪ੍ਰਸ਼ਾਸਨ ਦੀ ਦੇਣ ਹਨ। ਇਸ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਫ਼ਸਲਾਂ, ਮਕਾਨਾਂ, ਪਸ਼ੂਆਂ ਅਤੇ ਜ਼ਮੀਨਾਂ ਦੇ ਨੁਕਸਾਨ ਦੀ 100% ਪੂਰਤੀ

## ਸ਼ਹੀਦ ਭਗਤ ਸਿੰਘ ਵੈਲਫੇਅਰ ਸੋਸਾਇਟੀ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ ਦਾ ਮਨਾਇਆ ਜਨਮ ਦਿਹਾੜਾ, ਮਲਕੀਤ ਐਗਰੋਟੈਕ ਨੇ ਕੇਕ ਕੱਟਣ ਅਤੇ ਝੰਡਾ ਲਹਿਰਾਉਣ ਦੀ ਰਸਮ ਕੀਤੀ ਅਦਾ

ਨਾਭਾ, 01 ਸਤੰਬਰ (ਚੇਤਨ ਮਹਿਤਾ) ਸ਼ਹੀਦ ਭਗਤ ਸਿੰਘ ਵੈੱਲਫੇਅਰਸੁਸਾਇਟੀ ਵਲੋਂ ਭਗਤ ਸਿੰਘ ਦਾ ਜਨਮ ਦਿਨ ਸ਼ਹੀਦ ਭਗਤ ਸਿੰਘ ਚੌਂਕ ਨਾਭਾ ਵਿਚ ਕੇਕ ਕੱਟ ਕੇ ਤੇ ਝੰਡਾ ਲਹਿਰਾ ਕੇ ਮਨਾਇਆ ਗਿਆ। ਝੰਡਾ ਲਹਿਰਾਉਣ ਦੀ ਰਸਮ ਚਰਨ ਸਿੰਘ ਮਲਕੀਤ ਕੰਬਾਈਨ,ਨਰਿੰਦਰ ਬਾਂਸਲ ਨਾਭਾ, ਪ੍ਰਧਾਨ ਪਰਮਜੀਤ ਸਿੰਘ ਥੂਹੀ ਨੇ ਕੀਤੀ। ਇਸ ਮੌਕੇ ਉੱਘੇ ਵਪਾਰੀ ਆਗੂ ਨਰਿੰਦਰ ਬਾਂਸਲ, ਭਿੰਦੀ ਟਰਾਂਸਪੋਰਟ ਨਾਭਾ, ਹਰਜੀਤ ਸਿੰਘ ਸਾਬਕਾ ਸਰਪੰਚ ਅਗੇਤਾ, ਜਥੇਦਾਰ ਕੁਲਦੀਪ ਸਿੰਘ ਅਲੌਹਰਾ, ਆਸ਼ੂ ਜ਼ਖਮੀ ਨਾਭਾ, ਜਸਪਾਲ ਸਿੰਘ ਦੁਲੱਦੀ, ਗੁਰਧਿਆਨ ਸਿੰਘ ਸਰਪੰਚ ਰੋਹਟੀ ਬਸਤਾ, ਸਿੰਘ ਹਿਆਨਾ, ਸਬੀਰ ਖਾਨ ਨਾਭਾ, ਸਰਬਪ੍ਰੀਤ ਨਾਭਾ, ਚਮਕੌਰ ਸਿੰਘ ਚੌਧਰੀ ਮਾਜਰਾ, ਹਰਪ੍ਰੀਤ ਸਿੰਘ ਥੂਹੀ, ਮਨਜੀਤ ਸਿੰਘ ਰੋਹਟੀ ਬਸਤਾ, ਮਹਿੰਗਾ ਸਿੰਘ

ਮੈਂਹਸ, ਮਲੂਕ ਸਿੰਘ ਮੈਹਸ, ਸ਼ੇਰ ਸਿੰਘ ਸਰਪੰਚ ਥੂਹੀ, ਦਲੇਰ ਸਿੰਘ ਕੋਟਖੁਰਦ, ਪ੍ਰਿੰਸ ਥੂਹੀ, ਰੌਸ਼ਨ ਨਾਭਾ, ਬਲਵੀਰ ਬੌਬੀ ਥੂਹੀ, ਗੁਰਵਿੰਦਰ ਸਿੰਘ ਗੁਰੀ ਥੂਹੀ, ਜੋਰਾ ਸਿੰਘ ਪੰਚ,



ਸੁਧੀਰ ਕਾਲਰਾਂ, ਅੱਛਰ ਕੁਮਾਰ, ਕੌਂਸਲ ਮੋਦਗਿਲ, ਰਾਘਬੀਰ ਸਿੰਘ ਦੁਲੱਦੀ, ਕਰਨ ਕਕਰਾਲਾ, ਪਵਨ ਕੁਮਾਰ ਨਾਭਾ, ਚੰਦਨ ਕੁਮਾਰ ਨਾਭਾ, ਸੁਖਵਿੰਦਰ ਸਿੰਘ ਬਿਰਧੋਨੋ, ਹੀਰਾ ਸਰਬਜੀਤ ਆਦਿ ਹਾਜ਼ਰ ਸਨ।

## ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਭਾਰਤ ਦੇ ਪਰਿਵਾਰ ਵਿੱਚ ਹੋਇਆ ਵਾਧਾ ਵੱਡੀ ਗਿਣਤੀ ਵਿੱਚ ਅਹੁਦੇਦਾਰਾਂ ਨੂੰ ਦਿੱਤੇ ਗਏ ਨਿਯੁਕਤੀ ਪੱਤਰ

ਰਾਜਪੁਰਾ/ਬਨੂੜ 01 ਅਕਤੂਬਰ (ਹਿਮਾਂਸ਼ੂ ਹੈਰੀ):ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਭਾਰਤ ਦੀ ਇਕ ਮੀਟਿੰਗ ਭਾਈ ਜੱਜ ਸਿੰਘ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਭਾਰਤ ਦੇ ਕੌਮੀ ਪ੍ਰਧਾਨ ਮਨਜੀਤ ਸਿੰਘ ਘੁਮਾਣਾ, ਪੰਜਾਬ ਪ੍ਰਧਾਨ ਨਿਰਮਲ ਸਿੰਘ ਸੇਖਣ ਮਾਜਰਾ, ਮੀਤ ਪ੍ਰਧਾਨ ਭਾਰਤ ਤੇਜਿੰਦਰ ਸਿੰਘ ਲੀਲਾ ਮੋਹੀ, ਗੁਰਦੇਵ ਸਿੰਘ ਸਲਾਹਕਾਰ ਪੰਜਾਬ ਗੁਰਮੀਤ ਸਿੰਘ ਅਕਬਰਪੁਰ ਯੂਥ ਜ਼ਿਲ੍ਹਾ ਪ੍ਰਧਾਨ ਪਟਿਆਲਾ ਪਹੁੰਚੇ ਮੀਟਿੰਗ ਵਿੱਚ ਜਥੇਬੰਦੀ ਦੇ ਪਰਿਵਾਰ ਵਿੱਚ ਵਾਧਾ ਕਰਦੇ ਹੋਏ ਨਵੀਂ ਨਿਯੁਕਤੀਆਂ ਕੀਤੀਆਂ ਗਈਆਂ



ਬਾਬਾ ਜਗਜੀਤ ਸਿੰਘ ਨੂੰ ਪ੍ਰਚਾਰਕ ਭਾਰਤ, ਆਤਮਾ ਸਿੰਘ ਮੀਤ ਪ੍ਰਧਾਨ ਜ਼ਿਲ੍ਹਾ ਪਟਿਆਲਾ ਬਾਬਾ ਜੱਜ ਸਿੰਘ ਨੂੰ ਬਲਾਕ ਪ੍ਰਧਾਨ ਰਾਜਪੁਰਾ ਨਿਯੁਕਤ ਕੀਤਾ ਗਿਆ। ਇਹਨਾਂ ਨਵੇਂ ਨਿਯੁਕਤ ਕੀਤੇ ਅਹੁਦੇਦਾਰਾਂ ਨੇ ਵਿਸ਼ਵਾਸ ਦਵਾਇਆ ਕਿ ਅਸੀਂ ਜਥੇਬੰਦੀ ਲਈ ਦਿਨ ਰਾਤ ਮਿਹਨਤ ਕਰਾਂਗੇ ਅਤੇ ਜੇ ਕਿਸੇ ਵੀਰ ਭੈਣ ਨੂੰ ਸਾਡੀ ਜਰੂਰਤ ਹੋਈ ਉਸਦੀ ਮਦਦ ਲਈ ਹਮੇਸ਼ਾ ਤਿਆਰ ਰਹਾਂਗੇ ਇਸ ਮੌਕੇ ਜਸਵਿੰਦਰ ਸਿੰਘ ਮੈਂਬਰ ਪੰਚਾਇਤ ਸਤਨਾਮ ਸਿੰਘ ਮੈਂਬਰ ਪੰਚਾਇਤ ਮੁਖਤਿਆਰ ਸਿੰਘ ਜਸਵੰਤ ਸਿੰਘ ਗੁਰਸੇਵਕ ਸਿੰਘ ਸੁਰਿੰਦਰ ਸਿੰਘ ਸ਼ਿਆਮ ਸਿੰਘ ਜਗੀਰ ਸਿੰਘ ਜੰਡੋਲੀ ਰਾਜਵੀਰ ਸਿੰਘ ਪਹਿਰ ਦਲਜੀਤ ਸਿੰਘ ਪਹਿਰ ਨਿਸ਼ਾਨ ਸਿੰਘ ਸਰਪੰਚ ਪਹਰ ਕਲਾਂ ਸੁਖਵਿੰਦਰ ਸਿੰਘ ਸ਼ੰਭੂ ਕਲਾਂ ਸੁੱਚਾ ਸਿੰਘ ਬਲਦੇਵ ਸਿੰਘ ਜੋਗਿੰਦਰ ਸਿੰਘ ਗੁਰਵਿੰਦਰ ਸਿੰਘ ਸੋਨੀ ਮੈਂਬਰ ਪੰਚਾਇਤ ਬਿੱਟੂ ਖਰਾਜਪੁਰ ਤੋਂ ਇਲਾਵਾ ਵੱਖ-ਵੱਖ ਆਗੂ

# ਸੁਸਾਇਟੀ ਦੇ ਵੱਲੋਂ ਪਿੰਡ ਭੁੱਚਰ ਖੁਰਦ ਵਿਖੇ ਕਰਵਾਏ ਧਾਰਮਿਕ ਮੁਕਾਬਲੇ ਚੜ੍ਹਦੀ ਕਲਾ ਨਾਲ ਹੋਏ ਸੰਪੰਨ

## ਨਗਰ ਨਿਵਾਸੀਆਂ ਵੱਲੋਂ ਸੁਸਾਇਟੀ ਅਤੇ ਬੱਚੇ ਲੈ ਕੇ ਪਹੁੰਚਣ ਵਾਲੇ ਅਧਿਆਪਕ ਸਾਹਿਬਾਨ, ਮਾਪਿਆਂ ਦਾ ਕੀਤਾ ਗਿਆ ਧੰਨਵਾਦ ।

Desi Punjab YouTube www.desipunjab.in



ਤਰਨ ਤਾਰਨ 1 ਅਕਤੂਬਰ ( ਜੀਵਨ ਜੱਜ )ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਖਾਲਸਾ ਪੰਥ ਦੀ ਅਮਾਨਤ ਧਾਰਮਿਕ ਅਸਥਾਨਾਂ ਦੀ ਆਜ਼ਾਦੀ ਲਈ ਜੂਝਣ ਵਾਲੀ ਸ਼ਖਸ਼ੀਅਤ ਜਥੇਦਾਰ ਤੇਜਾ ਸਿੰਘ ਭੁੱਚਰ ਜੀ ਦੀ ਸਲਾਨਾ ਯਾਦ ਨੂੰ ਸਮਰਪਿਤ ਪਿੰਡ ਭੁੱਚਰ ਖੁਰਦ ਵਿਖੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਦਸਤਾਰ , ਦੁਮਾਲਾ, ਲੰਮੇ ਕੇਸ, ਸੁੰਦਰ ਲਿਖਾਈ, ਕਵਿਤਾ ਅਤੇ ਕਵੀਸ਼ਰੀ "ਲਾਇਬ੍ਰੇਰੀ ਜਥੇਦਾਰ ਤੇਜਾ ਸਿੰਘ " ਵਿੱਚ ਕਰਵਾਏ ਗਏ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਅਤੇ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ । ਸੁਸਾਇਟੀ ਵੱਲੋਂ ਉਚੇਚੇ ਤੌਰ ਤੇ ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਖਜਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ, ਦਸਤਾਰ ਕੋਚ ਸਾਜਨ ਪ੍ਰੀਤ ਸਿੰਘ, ਹਰਮਨਦੀਪ ਸਿੰਘ, ਹੁਸਨਦੀਪ ਸਿੰਘ, ਸੁਖਮਨਦੀਪ ਸਿੰਘ, ਗਗਨਦੀਪ ਸਿੰਘ ਨੇ ਪਹੁੰਚ ਕੀਤੀ ਅਤੇ ਵੱਖ ਵੱਖ ਮੁਕਾਬਲਿਆਂ ਵਿੱਚ ਪਾਰਦਰਸ਼ਤਾ ਨਾਲ ਜੱਜਮੈਂਟ ਦੀ ਭੂਮਿਕਾ ਨਿਭਾਈ। ਉਹਨਾਂ ਬੱਚਿਆਂ ਨਾਲ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਜਦੋਂ ਅੰਗਰੇਜ਼ਾਂ ਦੀ ਸ਼ਹਿ ਤੇ ਉਨ੍ਹਾਂ ਦੇ ਪਿਛਲੱਗਾਂ ਨੇ ਖਾਲਸਾ ਪੰਥ ਦੇ ਧਾਰਮਿਕ ਅਸਥਾਨਾਂ ਦੀ ਮਰਿਆਦਾ ਨੂੰ ਹਰੇਕ ਪੱਖ ਤੋਂ ਢਾਹ ਲਾਉਣ ਦਾ ਯਤਨ ਕੀਤਾ ਤਾਂ ਉਸ ਸਮੇਂ ਜਿਹੜੇ ਸਿਰੜੀ ਗੁਰਸਿੱਖਾਂ ਨੇ ਮੌਤ ਦਾ ਕਫ਼ਨ ਆਪਣੇ ਸਿਰ ਤੇ ਬੰਨ ਕੇ ਕਮਰਕੱਸਾ ਕੀਤਾ ਉਨ੍ਹਾਂ ਵਿੱਚ ਹੀ ਭਾਈ ਤੇਜਾ ਸਿੰਘ ਭੁੱਚਰ ਜੀ ਦਾ ਨਾਮ ਮੂਹਰਲੀਆਂ ਕਤਾਰਾਂ ਵਿੱਚ ਆਉਂਦਾ ਹੈ। ਉਹਨਾਂ ਕਿਹਾ ਕਿ ਅਜੋਕੇ ਦੌਰ ਅੰਦਰ ਵੀ ਖਾਲਸਾ ਪੰਥ ਦੀਆਂ ਰਹੁ-ਰੀਤਾਂ , ਪ੍ਰੰਪਰਾਵਾਂ, ਮਰਿਆਦਾਵਾਂ ਨੂੰ ਢਾਹ ਲਾਉਣ ਦਾ ਵੱਡੇ ਪੱਧਰ ਤੇ ਯਤਨ ਕੀਤਾ ਜਾ ਰਿਹਾ ਹੈ ਪਰ ਕੋਈ ਤੇਜਾ ਸਿੰਘ ਵਰਗਾ , ਲਛਮਣ ਸਿੰਘ ਧਾਰੋਵਾਲੀ ਵਰਗਾ ਗੁਰਸਿੱਖ ਨਹੀਂ ਲੱਭਦਾ । ਇਸ ਸਮੇਂ ਭਾਈ ਪਵਨਦੀਪ ਸਿੰਘ ਭੁੱਚਰ, ਰਣਜੀਤ ਸਿੰਘ, ਰਣਬੀਰ ਸਿੰਘ ਦੁਬਈ ਵਾਲੇ, ਬਾਬਾ ਬਲਜੀਤ ਸਿੰਘ ਜੀ, ਸੁਰਜੀਤ ਸਿੰਘ ਛਬਾ, ਹਰਪ੍ਰੀਤ ਸਿੰਘ, ਗੁਰਨਾਮ ਸਿੰਘ ਫੌਜੀ, ਸੁਖਮਨ ਸਿੰਘ, ਬਲਜਿੰਦਰ ਸਿੰਘ, ਸਰਤਾਜ ਸਿੰਘ ਬਲਬੀਰ ਸਿੰਘ ਨੈਸਲੇ ਡੇਅਰੀ ਵਾਲੇ ਅਤੇ ਸਮੂਹ ਇਲਾਕਾ ਨਿਵਾਸੀਆਂ ਨੇ ਕਹਿਕੇ ਸੋਸਾਇਟੀ ਦੇ ਵੀਰਾਂ ਦਾ ਧੰਨਵਾਦ ਕਰਦੇ ਹਾਂ ਉਹਨਾਂ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸ਼ੀਲਡਾਂ ਦੇ ਕੇ ਉਹਨਾਂ ਦਾ ਸਨਮਾਨ ਕੀਤਾ। ਸੋਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਇਲਾਕਾ ਨਿਵਾਸੀਆਂ ਵੱਲੋਂ ਸਲਾਨਾ ਸਮਾਗਮ ਕਰਵਾਉਣ ਸਮੇਂ ਬੱਚਿਆਂ ਦੇ ਕਰਵਾਏ ਜਾ ਰਹੇ ਮੁਕਾਬਲਿਆਂ ਦੀ ਜਿੰਨੀ ਤਾਰੀਫ ਕੀਤੀ ਜਾਵੇ ਉਨੀ ਥੋੜ੍ਹੀ ਹੈ। ਸੋ ਇਹੋ ਜਿਹੇ ਪ੍ਰਬੰਧਕ ਦੂਸਰਿਆਂ ਦੇ ਲਈ ਰੋਲ ਮਾਡਲ ਹਨ। ਇਸ ਮੌਕੇ ਸੋਸਾਇਟੀ ਦੇ ਸਮੂਹ ਮੈਂਬਰ ਅਹੁਦੇਦਾਰ ਹਾਜਰ ਸਨ।

# ਮਰਨ ਵਾਲੇ ਡਰਾਈਵਰ ਅਮਰਜੀਤ ਸਿੰਘ ਦੀ ਮੌਤ 'ਤੇ ਪਨ ਬੱਸ

## ਮੁਲਾਜ਼ਮਾਂ ਨੇ ਸੜਕ ਜਾਮ ਕਰਕੇ ਕੀਤਾ ਸਰਕਾਰ ਖਿਲਾਫ ਨਾਅਰੇਬਾਜ਼ੀ

Desi Punjab YouTube www.desipunjab.in



ਬਟਾਲਾ, 1 ਅਕਤੂਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) – ਬਟਾਲਾ ਵਰਕਸ਼ਾਪ ਰੋਡਵੇਜ ਦੇ ਬਾਹਰ ਅੱਜ ਪਨ ਬੱਸ ਮੁਲਾਜ਼ਮਾਂ ਨੇ ਮਰਨ ਵਾਲੇ ਡਰਾਈਵਰ ਅਮਰਜੀਤ ਦੇ ਮਿਰਤਕ ਸਰੀਰ ਨੂੰ ਸੜਕ 'ਤੇ ਰੱਖ ਕੇ ਟਰੈਫਿਕ ਜਾਮ ਕੀਤਾ ਅਤੇ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਦੱਸਿਆ ਗਿਆ ਹੈ ਕਿ ਪਿਛਲੇ ਦਿਨੀ ਡਰਾਇਵਰ ਅਮਰਜੀਤ ਸਿੰਘ ਵੱਲੋਂ ਬੱਸ ਕਲਾਨੌਰ ਤੋਂ ਚੰਡੀਗੜ੍ਹ ਜਾ ਰਿਹਾ ਸੀ ਕਿ ਰਸਤੇ ਵਿੱਚ ਇਕ ਐਕਸੀਡੈਂਟ ਦੌਰਾਨ ਉਸ ਦੀ ਮੌਤ ਹੋ ਗਈ। ਅਮਰਜੀਤ ਸਿੰਘ ਮੇਰੀ ਸਮਝ ਮੁਤਾਬਕ ਓਟ ਸੋਰਸ ਤੇ ਰੋਡਵੇਜ਼ ਬਟਾਲਾ ਵਿਖੇ ਬੱਸ ਦਾ ਡਰਾਈਵਰ ਸੀ। ਮੁਲਾਜ਼ਮਾਂ ਅਤੇ ਮ੍ਰਿਤਕ ਦੇ ਪਰਿਵਾਰ ਵੱਲੋਂ ਸਰਕਾਰ ਤੋਂ 50 ਲੱਖ ਰੁਪਏ ਨਗਦ ਮੁਆਵਜ਼ਾ ਅਤੇ ਪਰਿਵਾਰ ਦੇ ਮੈਂਬਰ ਨੂੰ ਸਰਕਾਰੀ ਨੌਕਰੀ ਦੀ ਮੰਗ ਕੀਤੀ ਜਾ ਰਹੀ ਹੈ। ਪਰਿਵਾਰ ਅਤੇ ਪਨ ਬੱਸ ਦੇ ਮੁਲਾਜ਼ਮਾਂ ਨੇ ਸਾਫ਼ ਕਿਹਾ ਹੈ ਕਿ ਜਦ ਤੱਕ ਇਹ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਹੜਤਾਲ ਜਾਰੀ ਰਹੇਗੀ।ਜਾਮ ਦੁਪਹਿਰ ਲਗਭਗ ਇਕ ਵਜੇ ਸ਼ੁਰੂ ਹੋਇਆ ਅਤੇ ਖਬਰ ਤਿਆਰ ਹੋਣ ਤੱਕ ਇਹ ਜਾਰੀ ਸੀ।

# ਫਤਿਹਗੜ੍ਹ ਚੂੜੀਆਂ 'ਚ ਸਕੂਲੀ ਬੱਸਾਂ ਦੀ ਵੱਡੀ ਚੈਕਿੰਗ : ਬੱਚਿਆਂ ਦੀ ਸੁਰੱਖਿਆ ਨਾਲ ਖਿਲਵਾਰ ਬੇਨਕਾਬ, 12 ਬੱਸਾਂ ਦੇ ਚਲਾਨ

Desi Punjab YouTube www.desipunja






ਬਟਾਲਾ/ਫਤਿਹਗੜ੍ਹ ਚੂੜੀਆਂ, 1 ਅਕਤੂਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) :- ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਾਸਤੇ ਪ੍ਰਸ਼ਾਸਨ ਵੱਲੋਂ ਵੱਡਾ ਕਦਮ ਚੁੱਕਦਿਆਂ ਅੱਜ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਐਸਐਸਪੀ ਬਟਾਲਾ ਦੇ ਹੁਕਮਾਂ ਤਹਿਤ ਸਕੂਲੀ ਬੱਸਾਂ ਦੀ ਸਖ਼ਤ ਚੈਕਿੰਗ ਕੀਤੀ ਗਈ। ਇਹ ਚੈਕਿੰਗ ਬਾਲ ਸੁਰੱਖਿਆ ਅਫਸਰ ਗੁਰਦਾਸਪੁਰ ਅਤੇ ਟਰੈਫਿਕ ਇੰਚਾਰਜ ਸੁਰਿੰਦਰ ਸਿੰਘ ਗਿਰਾਇਆ ਦੀ ਅਗਵਾਈ ਹੇਠ ਕੈਪਟਨਸ ਐਕਸੀਲੈਂਸ ਸਕੂਲ ਫਤਿਹਗੜ੍ਹ ਚੂੜੀਆਂ ਵਿੱਚ ਕੀਤੀ ਗਈ। ਖੁਲਾਸੇ ਹਿਲਾ ਦੇਣ ਵਾਲੇ ਜਾਂਚ ਦੌਰਾਨ ਸਾਹਮਣੇ ਆਇਆ ਕਿ ਸਕੂਲ ਬੱਚਿਆਂ ਦੀ ਜਾਨ ਨਾਲ ਖੁੱਲ੍ਹਾ ਖੇਡ ਖੇਡਿਆ ਜਾ ਰਿਹਾ ਸੀ।ਬੱਸਾਂ ਅੰਦਰ ਬੱਚਿਆਂ ਦੇ ਬੈਠਣ ਲਈ ਫੱਟੇ ਲਗਾ ਕੇ ਬੈਠਣ ਦੀ ਸੁਵਿਧਾ ਬਣਾਈ ਗਈ ਸੀ।ਬੱਚਿਆਂ ਦੀ ਮਾਨੀਟਰਿੰਗ ਲਈ ਕੋਈ ਸੀਸੀਟੀਵੀ ਕੈਮਰੇ ਨਹੀਂ ਲਗੇ ਹੋਏ ਸਨ।ਬੱਸਾਂ ਦੇ ਮਾਡਲ ਵੇਖ ਕੇ ਇਹ ਵੀ ਸਾਹਮਣੇ ਆਇਆ ਕਿ ਲਗਭਗ 10 ਤੋਂ 12 ਬੱਸਾਂ 15 ਸਾਲ ਤੋਂ ਵੀ ਜ਼ਿਆਦਾ ਪੁਰਾਣੀਆਂ ਚਲਾਈਆਂ ਜਾ ਰਹੀਆਂ ਸਨ। ਤੁਰੰਤ ਕਾਰਵਾਈ ਬੱਚਿਆਂ ਦੀ ਸੁਰੱਖਿਆ ਨਾਲ ਹੋ ਰਹੇ ਇਸ ਘੋਰ ਲਾਪਰਵਾਹੀ 'ਤੇ ਤੁਰੰਤ ਕਾਰਵਾਈ ਕਰਦਿਆਂ ਅਧਿਕਾਰੀਆਂ ਨੇ 12 ਬੱਸਾਂ ਦੇ ਚਲਾਨ ਕੀਤੇ ਅਤੇ ਸਕੂਲ ਪ੍ਰਬੰਧਨ ਨੂੰ ਸਖ਼ਤ ਚੇਤਾਵਨੀ ਦਿੱਤੀ। ਉਹਨਾਂ ਕਿਹਾ ਕਿ ਜੇਹੜੀਆਂ ਵੀ ਬੱਸਾਂ ਨਿਯਮਾਂ ਅਨੁਸਾਰ ਨਹੀਂ ਹੋਣਗੀਆਂ, ਉਹਨਾਂ ਨੂੰ ਤੁਰੰਤ ਸੜਕਾਂ ਤੋਂ ਹਟਾਇਆ ਜਾਵੇਗਾ।

ਅਧਿਕਾਰੀਆਂ ਦਾ ਸਪਸ਼ਟ ਸੰਦੇਸ਼ ਬਾਲ ਸੁਰੱਖਿਆ ਅਫਸਰ ਅਤੇ ਟਰੈਫਿਕ ਇੰਚਾਰਜ ਨੇ ਕਿਹਾ ਕਿ ਬੱਚਿਆਂ ਦੀ ਜਾਨ ਨਾਲ ਕੋਈ ਖੇਡ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸਕੂਲਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਹਰ ਬੱਸ ਵਿੱਚ ਸੀਸੀਟੀਵੀ ਕੈਮਰੇ, ਸਪੀਡ ਗਵਰਨਰ, ਫ਼ਸਟ-ਏਡ ਕਿਟ ਅਤੇ ਪੂਰੀ ਤਰ੍ਹਾਂ ਤਰਬੀਅਤਯਾਫਤਾ ਡਰਾਈਵਰ-ਕੰਡਕਟਰ ਹੋਣ ਲਾਜ਼ਮੀ ਹਨ।ਮਾਪਿਆਂ ਵਿੱਚ ਗੁੱਸਾ ਇਸ ਚੈਕਿੰਗ ਤੋਂ ਬਾਅਦ ਬੱਚਿਆਂ ਦੇ ਮਾਪਿਆਂ ਨੇ ਪ੍ਰਸ਼ਾਸਨ ਦੀ ਕਾਰਵਾਈ ਦਾ ਸਵਾਗਤ ਕੀਤਾ। ਉਹਨਾਂ ਕਿਹਾ ਕਿ ਸਕੂਲ ਪ੍ਰਬੰਧਕ ਫੀਸਾਂ ਤਾਂ ਵਧੀਆ-ਵਧੀਆ ਵਸੂਲ ਕਰਦੇ ਹਨ ਪਰ ਬੱਚਿਆਂ ਦੀ ਸੁਰੱਖਿਆ ਦੇ ਨਾਂ 'ਤੇ ਕੋਈ ਪ੍ਰਬੰਧ ਨਹੀਂ ਕਰਦੇ। ਮਾਪਿਆਂ ਨੇ ਜ਼ੋਰ ਦੇ ਕੇ ਮੰਗ ਕੀਤੀ ਕਿ ਇਹ ਚੈਕਿੰਗ ਇੱਕ ਵਾਰ ਦੀ ਕਾਰਵਾਈ ਨਹੀਂ, ਸਗੋਂ ਰੋਜ਼ਾਨਾ ਦੀ ਰੁਟੀਨ ਬਣਾਈ ਜਾਵੇ ਤਾਂ ਕਿ ਕਿਸੇ ਵੀ ਸਕੂਲ ਵੱਲੋਂ ਬੱਚਿਆਂ ਦੀ ਜ਼ਿੰਦਗੀ ਨਾਲ ਖਿਲਵਾਰ ਨਾ ਹੋ ਸਕੇ।ਚੇਤਾਵਨੀ ਅਧਿਕਾਰੀਆਂ ਨੇ ਦੁਬਾਰਾ ਸਪਸ਼ਟ ਕੀਤਾ ਕਿ ਜੇ ਅਗਲੀ ਵਾਰ ਵੀ ਐਸੀ ਹੀ ਲਾਪਰਵਾਹੀ ਮਿਲੀ ਤਾਂ ਸਕੂਲ ਦੇ ਖ਼ਿਲਾਫ਼ ਕਾਨੂੰਨੀ ਕਾਰਵਾਈ ਤੋਂ ਇਲਾਵਾ ਬੱਸਾਂ ਦੀ ਰਜਿਸਟ੍ਰੇਸ਼ਨ ਰੱਦ ਕਰਵਾਉਣ ਲਈ ਵੀ ਕਦਮ ਚੁੱਕੇ ਜਾਣਗੇ।ਇਸ ਤਰ੍ਹਾਂ ਇਹ ਖ਼ਬਰ ਨਾ ਸਿਰਫ਼ ਘਟਨਾ ਨੂੰ ਬਿਆਨ ਕਰਦੀ ਹੈ ਸਗੋਂ ਲੋਕਾਂ ਦੀ ਪ੍ਰਤੀਕ੍ਰਿਆ, ਅਧਿਕਾਰੀਆਂ ਦੀ ਚੇਤਾਵਨੀ ਅਤੇ ਆਉਣ ਵਾਲੇ ਕਦਮਾਂ ਨੂੰ ਵੀ ਦਰਸਾਉਂਦੀ ਹੈ।

# ਸੀ.ਟੀ. ਯੂਨੀਵਰਸਿਟੀ ਨੇ ਦਸਹਿਰਾ 2025 ਮਨਾਇਆ ਬੇਹਤਰੀਨ ਇੰਟਰ-ਸਕੂਲ ਰਾਵਣ ਪੁਤਲਾ ਮੁਕਾਬਲੇ ਨਾਲ

## ਵਿਦਿਆਰਥੀਆਂ ਨੇ "ਅੱਜ ਦਾ ਰਾਵਣ ਕੌਣ ?" ਚੈਲੇਂਜ ਵਿੱਚ ਆਪਣੀ ਕਲਾ ਅਤੇ ਟੀਮ ਸਪਿਰਿਟ ਦਿਖਾਈ

## ਮਾਨਯੋਗ ਵਿਅਕਤੀਆਂ ਨੇ ਪ੍ਰਤਿਭਾ ਅਤੇ ਸੱਭਿਆਚਾਰਕ ਉਤਸ਼ਾਹ ਦੀ ਸਿਰਾਹਣਾ ਕੀਤੀ, ਅਛਾਈ ਦੀ ਬੁਰਾਈ 'ਤੇ ਜਿੱਤ ਨੂੰ ਜ਼ੋਰ ਦਿੱਤਾ

Desi Punjab YouTube www.desipunjab.in




ਲੁਧਿਆਣਾ ( ਕਰਨੈਲ ਸਿੰਘ ਐੱਮ.ਏ.) ਸੀ.ਟੀ. ਯੂਨੀਵਰਸਿਟੀ ਨੇ ਦਸਹਿਰਾ 2025 ਬੜ੍ਹੇ ਉਤਸ਼ਾਹ ਨਾਲ ਮਨਾਇਆ। ਇਸ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਲਈ ਇੰਟਰ-ਸਕੂਲ ਰਾਵਣ ਪੁਤਲਾ ਬਣਾਉਣ ਮੁਕਾਬਲੇ ਦਾ ਆਯੋਜਨ ਕੀਤਾ ਗਿਆ, ਜਿਸਨੂੰ ਡਿਵੀਜ਼ਨ ਆਫ ਸਟੂਡੈਂਟ ਵੈਲਫੇਅਰ (DSW) ਵੱਲੋਂ ਕਰਵਾਇਆ ਗਿਆ। ਇਹ ਇਵੈਂਟ ਰਚਨਾਤਮਕਤਾ, ਟੀਮ ਵਰਕ ਅਤੇ ਅਛਾਈ ਦੀ ਬੁਰਾਈ 'ਤੇ ਜਿੱਤ ਦੇ ਪ੍ਰਾਚੀਨ ਸੰਦੇਸ਼ ਦਾ ਜੀਵੰਤ ਪ੍ਰਦਰਸ਼ਨ ਸੀ। ਮੁਕਾਬਲੇ ਦਾ ਥੀਮ "ਅੱਜ ਦਾ ਰਾਵਣ ਕੌਣ ?" ਸੀ, ਜਿਸ ਨੇ ਵਿਦਿਆਰਥੀਆਂ ਨੂੰ ਆਪਣੀ ਕਲਾ ਦਿਖਾਉਣ ਅਤੇ ਦਸਹਿਰੇ ਦੇ ਪ੍ਰਤੀਕਾਤਮਕ ਮਹੱਤਵ ਬਾਰੇ ਸੋਚਣ ਦਾ ਮੌਕਾ ਦਿੱਤਾ।

ਇਸ ਮੁਕਾਬਲੇ ਵਿੱਚ ਸੀ.ਟੀ. ਯੂਨੀਵਰਸਿਟੀ ਦੇ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਜਿੱਤਣ ਵਾਲੇ ਸਕੂਲਾਂ ਦੀ ਸੂਚੀ ਇਹ ਹੈ:

- ਸਕੂਲ ਆਫ ਡਿਜ਼ਾਈਨ ਐਂਡ ਇਨੋਵੇਸ਼ਨ
- ਸਕੂਲ ਆਫ ਲਾ
- ਐਲਾਈਡ ਹੈਲਥ ਸਾਇੰਸਿਜ਼

ਇਸ ਇਵੈਂਟ ਵਿੱਚ ਮਾਨਯੋਗ ਵਿਅਕਤੀਆਂ ਦੀ ਹਾਜ਼ਰੀ ਰਹੀ, ਜਿਨ੍ਹਾਂ ਵਿੱਚ ਵਾਈਸ ਚੇਅਰਮੈਨ ਸ੍ਰੀ ਹਰਪ੍ਰੀਤ ਸਿੰਘ, ਪ੍ਰੋ ਵਾਈਸ ਚਾਂਸਲਰ ਡਾ: ਸਿਮਰਨਜੀਤ ਕੌਰ ਗਿੱਲ ਅਤੇ DSW ਦੇ ਡਾਇਰੈਕਟਰ ਇ. ਦੁਵਿੰਦਰ ਸਿੰਘ ਸ਼ਾਮਿਲ ਸਨ। ਉਨ੍ਹਾਂ ਦੀ ਹਾਜ਼ਰੀ ਨੇ ਵਿਦਿਆਰਥੀਆਂ ਲਈ ਖਾਸ ਪ੍ਰੋਤਸਾਹਨ ਦਿੱਤਾ।

ਚਾਂਸਲਰ ਸ੍ਰ: ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਸੱਭਿਆਚਾਰਕ ਇਵੈਂਟ ਵਿਦਿਆਰਥੀਆਂ ਵਿੱਚ ਕਲਾ, ਟੀਮ ਵਰਕ ਅਤੇ ਨੈਤਿਕ ਮੂਲਾਂ ਨੂੰ ਵਿਕਸਿਤ ਕਰਨ ਵਿੱਚ ਮਦਦ ਕਰਦੇ ਹਨ। ਵਾਈਸ ਚਾਂਸਲਰ ਡਾ: ਨਿਤਿਨ ਟੰਡਨ ਨੇ ਵਿਦਿਆਰਥੀਆਂ ਦੀ ਮੇਹਨਤ ਅਤੇ ਉਤਸ਼ਾਹ ਦੀ ਸਿਰਾਹਣਾ ਕੀਤੀ ਅਤੇ ਕਿਹਾ ਕਿ ਐਸੇ ਇਵੈਂਟ ਨਾ ਸਿਰਫ ਕਲਾ ਦੀ ਕਾਬਲੀਅਤ ਨੂੰ ਵਧਾਉਂਦੇ ਹਨ, ਸਗੋਂ ਇਕਤਾ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਵੀ ਪੈਦਾ ਕਰਦੇ ਹਨ।

ਰਾਵਣ ਪੁਤਲਾ ਮੁਕਾਬਲਾ ਸਿਰਫ ਰਚਨਾਤਮਕਤਾ ਦਾ ਮੌਕਾ ਨਹੀਂ ਸੀ, ਬਲਕਿ ਇਹ ਅਛਾਈ ਦੀ ਬੁਰਾਈ 'ਤੇ ਜਿੱਤ ਦੀ ਪ੍ਰੇਰਕ ਯਾਦ ਵੀ ਸੀ, ਜੋ ਦਸਹਿਰੇ ਦੀ ਅਸਲੀ ਭਾਵਨਾ ਨੂੰ ਦਰਸਾਉਂਦੀ ਹੈ। ਪ੍ਰੋਗਰਾਮ ਦਾ ਸਮਾਪਨ ਰੰਗੀਨ ਜਸ਼ਨਾਂ ਅਤੇ ਸਾਰੇ ਵਿਦਿਆਰਥੀਆਂ ਲਈ ਯਾਦਗਾਰ ਤਜਰਬਿਆਂ ਨਾਲ ਹੋਇਆ, ਜੋ ਸੀ.ਟੀ. ਯੂਨੀਵਰਸਿਟੀ ਵਿੱਚ ਪਰੰਪਰਾ ਅਤੇ ਸੱਭਿਆਚਾਰ ਦਾ ਸੱਚਾ ਅਰਥ ਦਿਖਾਉਂਦਾ ਹੈ।

# ਥਾਣਾ ਕੋਟਭਾਈ ਦੀ ਪੁਲਿਸ ਨੂੰ ਭੇਦ ਭਰੀ ਹਾਲਤ ਵਿੱਚ ਮਿਲੀ ਨਾਮ ਲੂਮ ਔਰਤ ਦੀ ਲਾਸ਼

Desi Punjab YouTube www.desipunjab.in



ਗਿੱਦੜਬਾਹਾ (ਨਰਿੰਦਰ ਵਧਵਾ) ਥਾਣਾ ਕੋਟਭਾਈ ਦੀ ਪੁਲਿਸ ਨੂੰ ਪਿੰਡ ਕੋਟਭਾਈ ਰਜਵਾਹੇ ਵਿੱਚੋਂ ਇੱਕ ਨਾਮਲੂਮ ਔਰਤ ਦੀ ਭੇਦਭਰੀ ਹਾਲਤ ਵਿੱਚ ਲਾਸ਼ ਮਿਲੀ ਹੈ, ਜਿਸ ਦਾ ਕਤਲ ਕੀਤੇ ਜਾਣ ਦਾ ਖਦਸ਼ਾ ਹੈ ਕਿਉਂਕਿ ਇਸ ਔਰਤ ਦੇ ਦੋਵੇਂ ਹੱਥ ਬੰਨੇ ਹੋਏ ਹਨ ਅਤੇ ਸਿਰ ਵਿੱਚ ਸੱਟਾਂ ਲੱਗੀਆਂ ਹੋਈਆਂ । ਗਿੱਦੜਬਾਹਾ ਦੇ ਡੀਐਸਪੀ ਅਵਤਾਰ ਸਿੰਘ ਰਾਜਪਾਲ ਨੇ ਦੱਸਿਆ ਕਿ ਮਿਤੀ 26 ਸਤੰਬਰ 2025 ਨੂੰ ਥਾਣਾ ਕੋਟਭਾਈ ਦੀ ਪੁਲਿਸ ਨੂੰ ਕੋਟਭਾਈ ਰਜਵਾਹੇ ਵਿੱਚੋਂ ਇੱਕ ਨਾਮਲੂਮ ਨੂੰ ਔਰਤ ਦੀ ਲਾਸ਼ ਤੈਰਦੀ ਹੋਈ ਮਿਲੀ ਜਿਸ ਦੇ ਦੋਵੇਂ ਹੱਥ ਬੰਨੇ ਹੋਏ ਸਨ ਅਤੇ ਸਿਰ ਵਿੱਚ ਵੀ ਗੰਭੀਰ ਸੱਟਾਂ ਹਨ ਡੀਐਸਪੀ ਅਵਤਾਰ ਸਿੰਘ ਰਾਜਪਾਲ ਨੇ ਦੱਸਿਆ ਕਿ ਉਕਤ ਔਰਤ ਦੀ ਉਮਰ ਕਰੀਬ 40-45 ਸਾਲ ਕੱਦ ਲਗਭਗ 5 ਫੁੱਟ 3 ਇੰਚ ਰੰਗ ਕਣਕਵੰਨਾ ਤੇ ਉਕਤ ਔਰਤ ਨੇ ਪੀਲੇ ਰੰਗ ਦਾ ਸਲਵਾਰ ਕਮੀਜ਼ ਪਾਇਆ ਹੋਇਆ ਹੈ ਜਿਸ ਦੇ ਖੱਬੇ ਹੱਥ ਵਿੱਚ ਕਾਲੇ ਰੰਗ ਦੀ ਪਟੇ ਵਾਲੀ ਘੜੀ ਬਣੀ ਹੋਈ ਹੈ ਅਤੇ ਦੋਵੇਂ ਹੱਥਾਂ ਤੇ ਮਹਿੰਦੀ ਲੱਗੀ ਹੋਈ ਹੈ। ਉਨ੍ਹਾਂ ਦੱਸਿਆ ਕਿ ਉਕਤ ਔਰਤ ਦੀ ਲਾਸ਼ ਨੂੰ ਪਹਿਚਾਣ ਲਈ ਸਿਵਲ ਹਸਪਤਾਲ ਗਿੱਦੜਬਾਹਾ ਦੇ ਮੁਰਦਾਘਰ ਵਿਖੇ 72 ਘੰਟਿਆਂ ਲਈ ਰੱਖ ਦਿੱਤਾ ਗਿਆ ਹੈ

ਇਸ ਮੌਕੇ ਦਲਬੀਰ ਸਿੰਘ ਕਾਕਾ, ਦਲਬੀਰ ਸਿੰਘ,ਕੁਲਦੀਪ ਸਿੰਘ ਤੇ ਪਿੰਡ ਦੇ ਸਰਪੰਚ ਗੁਰਦਿਆਲ ਸਿੰਘ, ਤਰਸੇਮ ਸਿੰਘ,ਗੁਪਿੰਦਰ ਸਿੰਘ ਜਾਣੀਆਂ,ਤੇ ਮਾਤਾ ਕਸ਼ਮੀਰ ਕੌਰ ਤੇ ਕਸ਼ਮੀਰ ਸਿੰਘ ਹਾਜਿਰ ਸਨ

# ਕਾਠਗੜ੍ਹ 'ਚੋਅ' ਦੇ ਖੁੱਲੇ ਭਾਗਪੰਚਾਇਤਾਂ ਦੀ ਸੁਣੀ ਪੁਕਾਰ ,2 ਕਿ.ਮੀ ਤੱਕ ਰੇਤ ਚੁੱਕਣ ਨੂੰ ਮਿਲੀ ਇਜਾਜ਼ਤ

## ਡਰੇਨ ਵਿਭਾਗ ਹੁਸ਼ਿਆਰਪੁਰ ਨੇ ਦਿੱਤਾ ਠੇਕਾ ਤਿੰਨ ਮਹੀਨਿਆ ਵਿੱਚ ਟੈਂਡਰ ਕੀਤਾ ਜਾਵੇਗਾ ਪੂਰਾ

Desi Punjab YouTube www.desipunjab.in





ਨਵਾਂਸ਼ਹਿਰ /ਕਾਠਗੜ੍ਹ 1 ਅਕਤੂਬਰ (ਜਤਿੰਦਰ ਪਾਲ ਸਿੰਘ ਕਲੇਰ ) ਪਿਛਲੇ ਲੰਬੇ ਸਮੇਂ ਤੋਂ ਬਰਸਾਤ ਦੇ ਦਿਨਾਂ ਵਿੱਚ ਕਸਬਾ ਕਾਠਗੜ੍ਹ ਤੇ ਇਸਦੇ ਨਾਲ ਲੱਗਦੇ ਕਈ ਪਿੰਡਾ ਵਿੱਚ ਭਾਰੀ ਬਰਸਾਤ ਕਾਰਨ ਕਾਠਗੜ 'ਚੋਅ' ਚ ਭਾਰੀ ਪਾਣੀ ਆ ਜਾਣ ਕਾਰਨ ਲੋਕਾਂ ਨੂੰ ਕਾਫੀ ਦਿੱਕਤਾ ਦਾ ਸਾਹਮਣਾ ਕਰਨਾ ਪੈਂਦਾ ਸੀ। ਆਲੇ ਦੁਆਲੇ ਦੇ ਪਿੰਡਾਂ ਦਾ ਸੰਪਰਕ ਵੀ ਟੁੱਟ ਜਾਦਾ ਸੀ। ਕਈ ਕਿ.ਮੀ ਦਾ ਸਫਰ ਤੈਅ ਕਰਨ ਲਈ ਲੋਕ ਮਜਬੂਰ ਹੁੰਦੇ ਸੀ। ਆਲੇ ਦੁਆਲੇ ਦੀਆਂ ਪੰਚਾਇਤਾਂ ਵਲੋਂ ਸਰਕਾਰ ਤੇ ਪ੍ਰਸ਼ਾਸ਼ਨ ਨੂੰ ਗੁਹਾਰ ਲਗਾਈ ਗਈ ਸੀ ਕਿ ਇਸ ਚੋਅ ਦੀ ਸਫਾਈ ਕਰਵਾਈ ਜਾਵੇ ਜਿਸਦੇ ਚੱਲਦੇ ਅੱਜ ਪੰਚਾਇਤਾਂ ਦੀ ਮੰਗ ਨੂੰ ਬੂਰ ਪਿਆ ਹੈ। ਜਿਸਦੇ ਚੱਲਦੇ ਮਾਈਨਿੰਗ ਡਰੇਨ ਵਿਭਾਗ ਹੁਸ਼ਿਆਰਪੁਰ ਦੇ ਵਲੋਂ ਜੀਡੀਪੀ ਇੰਫਰਾਟੈਕ ਫਰਮ ਨੂੰ ਇਸ ਚੋਅ ਤੋਂ ਰੇਤ ਦੀ ਡੀਸੀਲਟਿੰਗ ਕਰਨ ਦੀ ਮਨਜ਼ੂਰੀ ਦਿੱਤੀ ਗਈ ਹੈ। ਇਸ ਸਬੰਧ ਵਿੱਚ ਠੇਕੇਦਾਰ ਰਾਜਬੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆਂ ਕਿ ਉਨ੍ਹਾਂ ਨੇ ਕਾਠਗੜ੍ਹ ਚੋਅ ਵਿੱਚ ਰੇਤ ਦੀ ਨਿਕਾਸੀ ਕਰਨ ਲਈ ਤਿੰਨ ਮਹੀਨੇ ਦਾ ਸਮਾਂ ਲਿਆ ਹੈ। ਜਿਸ ਵਿੱਚ ਤਕਰੀਬਨ 36 ਲੱਖ ਕਿਉਸਿਕ ਫੁੱਟ ਰੇਤ ਦੀ ਨਿਕਾਸੀ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ 6.10 ਰੁ ਫੁੱਟ ਦੇ ਹਿਸਾਬ ਨਾਲ ਰੇਤ ਦੀ ਨਿਕਾਸੀ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਲੋਕਲ ਅਤੇ ਬਾਹਰਲੇ ਟਿੱਪਰਾ ਵਾਲਿਆ ਦੇ ਟਿੱਪਰ ਵੀ 6.10 ਰੁਪਏ ਦੇ ਹਿਸਾਬ ਨਾਲ ਲੋਡ ਕੀਤੇ ਜਾਣਗੇ। ਪੱਕਾ ਬਿੱਲ ਨਾਲ ਦਿੱਤਾ ਜਾਵੇਗਾ ਤਾਂ ਕਿ ਉਨਾ ਨੂੰ ਕੋਈ ਦਿੱਕਤ ਨਾ ਆਵੇ। ਉਨ੍ਹਾਂ ਕਿਹਾ ਕਿ ਵਿਭਾਗ ਵਲੋਂ ਵੀ ਇਸ ਜਗ੍ਹਾ ਦੀ ਨਿਗਰਾਨੀ ਕੀਤੀ ਜਾਵੇਗੀ।ਇਸ ਜਗ੍ਹਾ ਤੇ ਅੱਜ ਕੈਮਰੇ ਤੇ ਲਾਈਟਾ ਲੱਗ ਰਹੀਆ ਹਨ।ਬਹੁਤ ਹੀ ਪਾਰਦਰਸ਼ੀ ਢੰਗ ਨਾਲ ਇਸ ਜਗ੍ਹਾ ਤੋਂ ਡੀਸਿਲਟਿੰਗ ਕੀਤੀ ਜਾਵੇਗੀ।

# ਸ੍ਰੀ ਰਾਮ ਪਰਿਵਾਰ ਵੈੱਲਫੇਅਰ ਸੁਸਾਇਟੀ ਵੱਲੋਂ ਨੌਵੀਂ ਸਟੇਜ ਦਾ ਸਫਲ ਮੰਚਨ ਸੰਜੀਵਨੀ ਬੂਟੀ ਨਾਲ ਲਛਮਣ ਦੀ ਮੂਰਛਾ ਟੁੱਟੀ

Desi Punjab YouTube www.desipunjab.in



ਰਾਜਪੁਰਾ,01 ਅਕਤੂਬਰ (ਹਿਮਾਂਸ਼ੂ ਹੈਰੀ):ਸ੍ਰੀ ਰਾਮ ਪਰਿਵਾਰ ਵੈੱਲਫੇਅਰ ਸੁਸਾਇਟੀ ਵੱਲੋਂ ਸ੍ਰੀ ਗੀਤਾ ਭਵਨ ਰਾਜਪੁਰਾ ਵਿਖੇ ਪ੍ਰਧਾਨ ਟਿੰਕੂ ਬਾਂਸਲ ਦੀ ਅਗਵਾਈ ਹੇਠ ਰਾਮਲੀਲਾ ਦੀ ਨੌਵੀਂ ਸਟੇਜ ਦਾ ਸਫਲ ਮੰਚਨ ਕੀਤਾ ਗਿਆ।

ਇਸ ਮੌਕੇ ਸਟੇਜ ਦਾ ਉਦਘਾਟਨ ਯੂਥ ਕਾਂਗਰਸੀ ਆਗੂ ਨਿਰਭੈ ਸਿੰਘ ਮਿਲਟੀ ਵੱਲੋਂ ਕੌਂਸਲਰ ਨਾਗੀ ਵੱਲੋਂ ਕੀਤਾ ਗਿਆ। ਨੌਵੀਂ ਸਟੇਜ ਵਿਚ ਰਾਮਲੀਲਾ ਦੇ ਮਹੱਤਵਪੂਰਨ ਸੀਨ ਪੇਸ਼ ਕੀਤੇ ਗਏ। ਜਿਸ ਵਿਚ ਹਨੂਮਾਨ ਜੀ ਵੱਲੋਂ ਸੰਜੀਵਨੀ ਬੂਟੀ ਲਿਆਉਣ ਦਾ ਮਨਮੋਹਕ ਦ੍ਰਿਸ਼ ਪੇਸ਼ ਕੀਤਾ ਗਿਆ। ਸੰਜੀਵਨੀ ਬੂਟੀ ਨਾਲ ਲਛਮਣ ਜੀ ਦੀ ਮੂਰਛਾ ਟੁੱਟਣ ਦਾ ਸੀਨ ਦਰਸ਼ਕਾਂ ਨੂੰ ਬਹੁਤ ਪ੍ਰਭਾਵਿਤ ਕਰ ਗਿਆ। ਇਸ ਤੋਂ ਇਲਾਵਾ ਮੇਘਨਾਥ ਦਾ ਵੱਧ ਦਰਸਾਉਂਦਾ ਸੀਨ ਵੀ ਮੰਚਨ ਕੀਤਾ ਗਿਆ, ਜਿਸ ਨੂੰ ਦਰਸ਼ਕਾਂ ਨੇ ਬੜੀ ਉਤਸੁਕਤਾ ਨਾਲ ਦੇਖਿਆ ਅਤੇ ਤਾਲੀਆਂ ਵਜਾ ਕੇ ਕਲਾਕਾਰਾਂ ਦਾ ਹੌਸਲਾ ਵਧਾਇਆ।ਇਸ ਮੌਕੇ ਸੰਸਥਾ ਦੇ ਸੰਸਥਾਪਕ ਦੇਸ ਰਾਜ ਬਾਂਸਲ ਅਤੇ ਮਾਰਗ ਦਰਸ਼ਕ ਫ਼ਕੀਰ ਚੰਦ ਕੋਚ ਨੇ ਕਿਹਾ ਕਿ ਰਾਮਲੀਲਾ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਸਚਾਈ, ਭਰੋਸੇ ਅਤੇ ਧਰਮ ਦੇ ਰਸਤੇ 'ਤੇ ਤੁਰਨ ਲਈ ਪ੍ਰੇਰਣਾ ਵੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਧਾਰਮਿਕ ਪ੍ਰੋਗਰਾਮ ਨੌਜਵਾਨ ਪੀੜ੍ਹੀ ਨੂੰ ਆਪਣੇ ਸੰਸਕਾਰਾਂ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਪੂਰੇ ਪ੍ਰੋਗਰਾਮ ਦੌਰਾਨ ਦਰਸ਼ਕਾਂ ਦੀ ਵੱਡੀ ਗਿਣਤੀ ਮੌਜੂਦ ਰਹੀ ਜਿਨ੍ਹਾਂ ਨੇ ਰਾਮਲੀਲਾ ਦੇ ਹਰ ਸੀਨ ਨੂੰ ਬੜੀ ਧਿਆਨ ਨਾਲ ਦੇਖਿਆ ਅਤੇ ਕਲਾਕਾਰਾਂ ਦੀ ਅਦਾਕਾਰੀ ਦੀ ਖ਼ੂਬ ਸ਼ਲਾਘਾ ਕੀਤੀ। ਇਸ ਮੌਕੇ ਮੀਤ ਪ੍ਰਧਾਨ ਪ੍ਰੀਤਮ ਸਿੰਘ , ਡਿੰਪਲ ਵਿੱਜ,ਚੀਫ਼ ਡਾਇਰੈਕਟਰ ਜੀਵਨ ਸੂਦ ਤੋਂ ਇਲਾਵਾ ਹੋਰ ਪ੍ਰਬੰਧਕ ਮੌਜੂਦ ਸਨ।

# ਪਟੇਲ ਕਾਲਜ ਵਿੱਖੇ ਅੰਤਰਰਾਸ਼ਟਰੀ ਅਨੁਵਾਦ ਦਿਵਸ ਮੌਕੇ ਬਹਿਸ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ

Desi Punjab YouTube www.desipunjab.in




ਰਾਜਪੁਰਾ, 01 ਅਕਤੂਬਰ (ਹਿਮਾਂਸ਼ੂ ਹੈਰੀ): ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੀ ਅਗਵਾਈ ਹੇਠ ਅਤੇ ਵਿਭਾਗ ਮੁਖੀ ਅਤੇ ਕਨਵੀਨਰ ਪ੍ਰੋ. ਚੀਨਾ ਚਾਵਲਾ ਦੀ ਨਿਗਰਾਨੀ ਹੇਠ, 29 ਸਤੰਬਰ, 2025 ਨੂੰ ਅੰਗਰੇਜ਼ੀ ਵਿਭਾਗ ਵੱਲੋਂ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਵਿੱਚ "ਅਨੁਵਾਦ, ਇੱਕ ਭਵਿੱਖ ਨੂੰ ਆਕਾਰ ਦੇਣਾ ਜਿਸ 'ਤੇ ਤੁਸੀਂ ਭਰੋਸਾ ਕਰ ਸਕਦੇ ਹੋ" ਵਿਸ਼ੇ ਹੇਠ ਅੰਤਰਰਾਸ਼ਟਰੀ ਅਨੁਵਾਦ ਦਿਵਸ ਮਨਾਇਆ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਬਰਸਰ ਡਾ. ਵੰਦਨਾ ਗੁਪਤਾ ਦੁਆਰਾ ਕੀਤੀ ਗਈ ਸੀ ਜਿਨ੍ਹਾਂ ਨੇ ਵਿਭਾਗ ਨੂੰ ਅਜਿਹੇ ਸਮਾਗਮ ਦੇ ਆਯੋਜਨ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਅਜਿਹੇ ਸਮਾਗਮਾਂ ਵਿੱਚ ਹਿੱਸਾ ਲੈਂਦੇ ਰਹਿਣ ਲਈ ਪ੍ਰੇਰਿਤ ਕੀਤਾ। ਮੁਖੀ ,ਪ੍ਰੋ. ਚੀਨਾ ਚਾਵਲਾ ਨੇ ਅੱਜ ਦੇ ਸਮਾਜ ਵਿੱਚ ਭਾਸ਼ਾਈ ਅਤੇ ਸੱਭਿਆਚਾਰਕ ਪਾੜੇ ਨੂੰ ਪੂਰਾ ਕਰਦੇ ਹੋਏ ਅਨੁਵਾਦ ਦੀ ਮਹੱਤਤਾ 'ਤੇ ਚਾਨਣਾ ਪਾਇਆ। ਇਸ ਸਮਾਗਮ ਦੌਰਾਨ ਦੋ ਮੁਕਾਬਲੇ ਕਰਵਾਏ ਗਏ, ਜਿਵੇਂ ਕਿ ਬਹਿਸ ਅਤੇ ਪੋਸਟਰ ਮੇਕਿੰਗ, ਜਿਸ ਵਿੱਚ 50 ਤੋਂ ਵੱਧ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋ. ਚੀਨਾ ਚਾਵਲਾ ਅਤੇ ਪ੍ਰੋ. ਨੰਦਿਤਾ ਇਨ੍ਹਾਂ ਸਮਾਗਮਾਂ ਲਈ ਜੱਜ ਸਨ। ਡਾ. ਗੀਤੂ ਗੁਡਵਾਨੀ ਨੇ ਸਟੇਜ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਸੰਭਾਲਿਆ। ਪੋਸਟਰ ਮੇਕਿੰਗ ਮੁਕਾਬਲੇ ਵਿੱਚ, ਬੀ.ਕਾਮ 1 ਦੀ ਸਹਿਜਲੀਨ ਕੌਰ ਅਤੇ ਬੀ.ਏ 1 ਦੇ ਅਰਸ਼ਦੀਪ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਬੀ.ਏ III ਦੀ ਮੀਨਲ ਅਤੇ ਬੀ.ਕਾਮ 1 ਦੀ ਜਸ਼ਨਪ੍ਰੀਤ ਕੌਰ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਰਿਸ਼ਭ ਖੰਨਾ ਬੀ.ਸੀ.ਏ. III ਅਤੇ ਕਿਰਨਦੀਪ ਕੌਰ ਬੀ.ਐਸ.ਸੀ. II ਸੀ.ਐਸ. ਨੂੰ ਹੌਂਸਲਾ ਅਫ਼ਜ਼ਾਈ ਇਨਾਮ ਦਿੱਤੇ ਗਏ। ਬਹਿਸ ਮੁਕਾਬਲੇ ਦੇ ਜੇਤੂ ਕਿਰਨਜੀਤ ਕੌਰ-ਐਮ.ਕਾਮ. 1 ਪਹਿਲਾ ਸਥਾਨ, ਅਰਸ਼ਦੀਪ ਕੌਰ ਬੀ.ਕਾਮ. 3 ਅਤੇ ਮੀਨਲ ਸ਼ਰਮਾ ਬੀ.ਐਸ.ਸੀ. ਮੈਡੀਕਲ- 1 ਦੂਜਾ ਸਥਾਨ, ਮੁਸਕਾਨ- ਐਮ.ਕਾਮ. 2 ਅਤੇ ਜਸਮੀਨ- ਬੀਬੀਏ-1 ਤੀਜਾ ਸਥਾਨ ਅਤੇ ਹੌਂਸਲਾ ਅਫ਼ਜ਼ਾਈ ਇਨਾਮ ਐਮ.ਕਾਮ. 2 ਤੋਂ ਲਿਪਾਕਸ਼ੀ ਧੀਮਾਨ ਨੂੰ ਦਿੱਤਾ ਗਿਆ। ਡਾ. ਮਨਦੀਪ ਸਿੰਘ,ਡਾ. ਸ਼ੇਰ ਸਿੰਘ,ਡਾ. ਗੁਰਜਿੰਦਰ ਸਿੰਘ,ਡਾ. ਦੀਪਿਕਾ ਸ਼ਾਰਦਾ,ਡਾ. ਪਵਨਦੀਪ ਕੌਰ,ਪ੍ਰੋ. ਰਿਤੂ ਦਾਵੜਾ,ਡਾ. ਹਰਜਿੰਦਰ ਕੌਰ, ਡਾ. ਰਸ਼ਮੀ ਬੱਤਾ, ਡਾ. ਹਰਪ੍ਰੀਤ ਕੌਰ,ਪ੍ਰੋ. ਦੀਪਿਕਾ ਕਥੂਰੀਆ,ਪ੍ਰੋ. ਪ੍ਰਿਆ,ਪ੍ਰੋ. ਦੀਪਿਕਾ ਰਾਣੀ,ਪ੍ਰੋ. ਅਵਤਾਰ ਸਿੰਘ,ਡਾ. ਗਗਨਦੀਪ ਕੌਰ,ਪ੍ਰੋ. ਸੰਦੀਪ ਕੌਰ,ਪ੍ਰੋ. ਸੋਮੀਆ ਅਤੇ ਪ੍ਰੋ. ਭਾਵਨਾ ਨੇ ਵੀ ਆਪਣੀ ਮੌਜੂਦਗੀ ਨਾਲ ਇਸ ਮੌਕੇ ਦੀ ਸ਼ੋਭਾ ਵਧਾਈ।

# ਤਰਕਸ਼ੀਲ ਸੁਸਾਇਟੀ ਰੋਪੜ ਵੱਲੋ ਸ਼ਹੀਦ ਭਗਤ ਸਿੰਘ ਦਾ ਮਨਾਇਆ ਜਨਮ ਦਿਨ



ਰੋਪੜ ,1 ਅਕਤੂਬਰ (ਮਲਾਗਰ ਖਮਾਣੋਂ) ਤਰਕਸ਼ੀਲ ਸੁਸਾਇਟੀ ਰੋਪੜ ਵੱਲੋ ਵੇਰਕਾ ਚੌਂਕ ਹੈਂਡ ਵਰਕਸ ਰੋਪੜ ਵਿਖੇ ਸ਼ਹੀਦ-ਏ- ਆਜ਼ਮ ਸ.ਭਗਤ ਸਿੰਘ ਜੀ ਦੇ ਜਨਮ ਦਿਨ ਤੇ ਖਿਤਾਬਾਂ ਦੀ ਸਟਾਲ ਲਗਾਈ ਅਤੇ ਉਨ੍ਹਾ ਦੇ ਵਿਚਾਰਾਂ ਵਾਲੇ ਪੈਂਫਲਿਟ ਵੀ ਵੰਡੇ ਗਏ।

ਇਹ ਜਾਣਕਾਰੀ ਇਕਾਈ ਮੁਖੀ ਅਸ਼ੋਕ ਕੁਮਾਰ ਨੇ ਦਿੰਦਿਆਂ ਦੱਸਿਆ ਕਿ ਭਗਤ ਸਿੰਘ ਇੱਕ ਮਹਾਨ ਇਨਕਲਾਬੀ ਤੇ ਚਿੰਤਨ ਸੀ ਜਿਨ੍ਹਾਂ ਨੇ ਆਪਣੀ ਜ਼ਾਨ ਦੀ ਪ੍ਰਵਾਹ ਨਾ ਕਰਦਿਆ ਹੋਇਆ ਭ੍ਰਿਸ਼ਟ ਰਾਜ ਪ੍ਰਬੰਧ ਅਤੇ ਸਮਾਜਕ ਨਾ ਬਰਾਬਰੀ ਵਿਰੁੱਧ ਸੰਘਰਸ਼ ਜਾਰੀ ਰੱਖਿਆ। ਉਹ ਮਨੁੱਖ ਹੱਥੋ ਮਨੁੱਖ ਦੀ ਹੋ ਰਹੀ ਲੁੱਟ ਦੇ ਸਖ਼ਤ ਵਿਰੁੱਧ ਸਨ। ਇਸ ਮੌਕੇ ਹਰਨੇਕ ਸਿੰਘ ਨੇ ਬੋਲਦਿਆਂ ਕਿਹਾ ਕਿ ਭਗਤ ਸਿੰਘ ਆਪਣੀ ਲਿਖਤ "ਮੈ ਨਾਸਤਿਕ ਕਿਉ ਹਾਂ" ਵਿੱਚ ਸਪਸ਼ਟ ਕਰਦੇ ਹਨ ਕਿ ਜਿਹੜਾ ਵੀ ਮਨੁੱਖ ਪ੍ਰਗਤੀ ਦਾ ਹਾਮੀ ਹੈ ਉਸਨੂੰ ਲਾਜ਼ਮੀ ਤੌਰ ਤੇ ਪ੍ਰਚਲਤ ਵਿਸ਼ਵਾਸ ਦੀ ਪੁਣਛਾਣ ਕਰਨੀ ਹੋਵੇਗੀ ਤੇ ਜਿਹੜਾ ਧ ਰਮ ਇਨਸਾਨ ਨੂੰ ਇਨਸਾਨ ਤੋਂਵੱਖ ਕਰੇ ,ਮੁਹੱਬਤ ਦੀ ਥਾ ਉਹਨਾ ਨੂੰ ਇੱਕ ਦੂਜੇ ਨਾਲ ਨਫ਼ਰਤ ਕਰਨੀ ਸਿਖਾਵੇ,ਅੰਧ-ਵਿਸ਼ਵਾਸਾਂ ਨੂੰ ਉਤਸ਼ਾਹਿਤ ਕਰਕੇ ਲੋਕਾਂ ਦੇ ਬੌਧਿਕ ਵਿਕਾਸ ਵਿੱਚ ਰੁਕਾਵਟ ਬਣੇ ਤੇ ਦਿਮਾਗਾਂ ਨੂੰ ਖੁੰਢਾ ਕਰੇ ਉਹ ਮੇਰਾ ਧਰਮ ਨਹੀ ਹੋ ਸਕਦਾ। ਇਨ੍ਹਾਂ ਆਗੂਆਂ ਨੇ ਵਿਚਾਰ ਸਾਂਝੇ ਕੀਤੇ ਕਿ ਤਰਕਸ਼ੀਲਤ ਾ ਜ਼ਿੰਦਗੀ ਦਾ ਧਰੂ ਤਾਰਾ ਹੁੰਦੀ ਹੈ ਪਰ ਨਿਰਾ ਵਿਸ਼ਵਾਸ ਜਾਂ ਅੰਧ-ਵਿਸਵਾਸ਼ ਖਤਰਨਾਕ ਹੁੰਦਾ ਹੈ। ਉਕਤ ਆਗੂਆ ਤੋਂ ਇਲਾਵਾ ਅਮਰਨਾਥ,ਮਾਸਟਰ ਪਰਵਿੰਦਰ,ਪਵਨ ਰੱਤੋਂ, ਸ਼ੈਲਿੰਦਰ ਕੁਰਾਲੀ, ਹਰਵਿੰਦਰ ਸੁਖਰਾਮਪੁਰੀ, ਕਾਮਰੇਡ ਗੁਰਬਚਨ ਮਿੱਠੂ ਤੇ ਬਿਕਰਮ ਬਡਾਲੀ ਵੀ ਮੌਕੇ ਤੇ ਹਾਜ਼ਰ ਸਨ।

# ਜੀ.ਜੀ.ਡੀ.ਐਸ.ਡੀ ਕਾਲਜ ਖੇੜੀ ਗੁਰਨਾ 'ਚ ਫਰੈਸ਼ਰ ਪਾਰਟੀ ਦਾ ਕੀਤਾ ਗਿਆ ਆਯੋਜਨ

ਰਾਜਪੁਰਾ/ਬਨੂੰੜ, 01 ਅਕਤੂਬਰ (ਹਿਮਾਂਸ਼ੂ ਹੈਰੀ): ਜੀ.ਜੀ.ਡੀ.ਐਸ.ਡੀ ਕਾਲਜ ਖੇੜੀ ਗੁਰਨਾ ਵਿੱਖੇ ਨਵੇਂ ਬੈਚ ਦੇ ਸਵਾਗਤ ਲਈ ਇੱਕ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਪਰੋਗਰਾਮ ਦਾ ਮੁੱਖ ਉਦੇਸ਼ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਮਾਹੌਲ ਤੋਂ ਜਾਣੂ ਕਰਵਾਉਣਾ, ਉਹਨਾਂ ਦੀ ਸਿਰਜਣਾਤਮਕਤਾ ਨੂੰ ਉਤਸਾਹਿਤ ਕਰਨਾ ਅਤੇ ਨਾਲ ਹੀ ਉਹਨਾਂ ਦੇ ਆਤਮਵਿਸ਼ਵਾਸ ਨੂੰ ਵਧਾਉਣਾ ਸੀ। ਇਸ ਮੋਕੇ ਕਾਲਜ ਪ੍ਰਬੰਧਨ ਅਤੇ ਫੈਕਲਟੀ ਦੇ ਮੈਂਬਰਾਂ ਨੇ ਨਵੇਂ ਵਿਦਿਆਰਥੀਆਂ ਦਾ ਬਹੁਤ ਉਤਸ਼ਾਹ ਨਾਲ ਸਵਾਗਤ ਕੀਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ (ਮੇਜਰ) ਡਾ. ਵਰਿੰਦਰ ਸਿੰਘ ਨੇ ਸਵਾਗਤੀ ਭਾਸ਼ਣ ਦਿੱਤਾ ਜਿਸ ਵਿੱਚ ਉਹਨਾਂ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਹਨਾਂ ਨੂੰ ਯਕੀਨ ਦੁਆਇਆ ਕਿ ਐਸ ਡੀ ਪਰਿਵਾਰ ਇੱਕ ਪਵਰਿਰ ਹੈ ਅਤੇ ਸਾਰੀਆਂ ਗਤੀਵਿਧੀਆਂ ਇੱਕ ਐਸ ਡੀ ਯੂਨਿਟ ਦੇ ਅਧੀਨ ਮਨਾਈਆਂ ਜਾਣਗੀਆਂ। ਉਹਨਾ ਨੇ ਡਾ.ਅੰਕਿਤਾ ਗੁਪਤਾ ਨੂੰ 20 ਸਤੰਬਰ ਨੂੰ ਗੋਆ ਵਿੱਚ ਆਯੋਜਿਤ ਮਿਸਿਜ਼ ਇੰਡੀਆ ਇੰਕ ਵਿੱਚ ਮਿਸਿਜ਼ ਇੰਡੀਆ ਸੈਕਿੰਡ ਰਨਰ ਅੱਪ ਦਾ ਖਿਤਾਬ ਜਿੱਤਣ ਲਈ ਵੀ ਵਧਾਈ ਦਿੱਤੀ। ਇਸ ਮੌਕੇ ਵਿਦਿਆਰਥੀਆਂ ਨੇ ਵੱਖ ਵੱਖ ਸੱਭਿਆਚਾਰਕ ਗਤੀਵਿਧੀਆਂ ਵਿੱਚ ਪ੍ਰਦਰਸ਼ਨ ਕੀਤਾ ਅਤੇ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ। ਇਸ ਪੂਰੇ ਪਰੋਗਰਾਮ ਦਾ ਮੁੱਖ ਆਕਰਸ਼ਣ ਮਾਡਲਿੰਗ ਸੀ ਜੋ ਨਵੇਂ ਵਿਦਿਆਰਥੀਆਂ ਦੁਆਰਾ ਕੀਤੀ ਗਈ ਸੀ। ਇਹਨਾਂ ਵਿਦਿਆਰਥੀਆਂ ਨੂੰ ਪੁੱਛੇ ਗਏ ਸਵਾਲਾਂ ਦੇ ਆਧਾਰ 'ਤੇ ਅਤੇ ਉਹਨਾਂ ਦੀ ਸਰਵਪੱਖੀ ਸਖਸ਼ੀਅਤ ਨੂੰ



ਵੇਖਦੇ ਹੋਏ ਬੀ.ਕਾਮ ਏ ਪਹਿਲੇ ਸਮੈਸਟਰ ਦੇ ਤਕਸ਼ ਅਤੇ ਕਾਜਲ ਨੂੰ ਕ੍ਰਮਵਾਰ ਮਿਸਟਰ ਫਰੈਸ਼ਰ ਅਤੇ ਮਿਸ ਫਰੈਸ਼ਰ ਚੁਣਿਆ ਗਿਆ। ਬੀ.ਬੀ.ਏ ਪਹਿਲੇ ਸਮੈਸਟਰ ਦੇ ਹਰਵਿੰਦਰ ਪੁਰੀ ਅਤੇ ਅੰਜਲੀ ਕੁਮਾਰੀ ਨੇ ਮਿਸਟਰ ਅਤੇ ਮਿਸ ਕੋਨਫੀਡੈਂਟ ਦਾ ਖਿਤਾਬ ਜਿੱਤਿਆ। ਬੀ.ਕਾਮ ਪਹਿਲੇ ਸਮੈਸਟਰ ਦੇ ਸੁਖਵੀਰ ਸਿੰਘ ਅਤੇ ਬੀ.ਬੀ.ਏ ਪਹਿਲੇ ਸਮੈਸਟਰ ਦੀ ਕਿਰਨਪ੍ਰੀਤ ਕੌਰ ਨੂੰ ਮਿਸਟਰ ਹੈਂਡਸਮ ਅਤੇ ਮਿਸ ਚਾਰਮਿੰਗ ਘੋਸ਼ਿਤ ਕੀਤਾ ਗਿਆ। ਇਸ ਪਾਰਟੀ ਦਾ ਸਮਾਪਨ ਸ਼ਾਨਦਾਰ ਦੁਪਹਿਰ ਦੇ ਖਾਣੇ ਅਤੇ ਡੀ.ਜੇ ਪਾਰਟੀ ਨਾਲ ਹੋਇਆ।

# ਹਲਕਾ ਸਮਾਣਾ ਦੇ ਵਿਕਾਸ ਵਿੱਚ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਕਮੀ – ਬਰਸਟ



ਸਮਾਣਾ, 1 ਅਕਤੂਬਰ ( ਹਰਜਿੰਦਰ ਸਿੰਘ/ਦੀਵਾਨ ਥਰੇਜਾ ) – ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੀਆਂ ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਣ ਦੇ ਨਾਲ-ਨਾਲ ਪਿੰਡਾਂ ਨੂੰ ਆਰਥਿਕ, ਸਮਾਜਕ ਅਤੇ ਸੱਭਿਆਚਾਰਕ ਤੌਰ ਤੇ ਮਜ਼ਬੂਤ ਕਰਨਾ ਹੈ, ਜਿਸਦੇ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ. ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਅੱਜ ਹਲਕਾ ਸਮਾਣਾ ਅਧੀਨ ਪੈਂਦੇ ਵੱਖ-ਵੱਖ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਦੇ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਹੋਇਆ ਕੀਤਾ ਗਿਆ।

ਅੱਜ ਸ. ਹਰਚੰਦ ਸਿੰਘ ਬਰਸਟ ਵੱਲੋਂ 5.70 ਕਿਲੋਮੀਟਰ ਲੰਬੀ ਸਮਾਣਾ ਬਾਈਪਾਸ ਵਾਇਆ ਕਮਾਸਪੁਰ, ਬਦਨਪੁਰ ਲਿੰਕ ਸੜਕ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ, ਜਿਸ ਤੇ ਲਗਭਗ 1.22 ਕਰੋੜ ਰੁਪਏ ਖਰਚ ਆਵੇਗਾ। ਇਸਦੇ ਨਾਲ ਹੀ ਖੇੜੀ ਭੀਮਾਂ ਤੋਂ ਕੁਲਬੁਰਸ਼ਾਂ ਜਾਣ ਵਾਲੀ 2.05 ਕਿਲੋਮੀਟਰ ਲੰਬੀ ਲਿੰਕ ਸੜਕ ਦੇ ਨਿਰਮਾਣ ਕਾਰਜ ਵੀ ਸ਼ੁਰੂ ਕਰਵਾਏ ਗਏ, ਜਿਸ ਤੇ ਕਰੀਬ 34.31 ਲੱਖ ਰੁਪਏ ਖਰਚ ਹੋਵੇਗਾ। ਇਸੇ ਤਰ੍ਹਾਂ 3.20 ਕਿਲੋਮੀਟਰ ਲੰਬਾਈ ਵਾਲੀ ਕਾਹਨਗੜ੍ਹ ਤੋਂ ਬੰਮਣਾ ਲਿੰਕ ਸੜਕ ਦੀ ਉਸਾਰੀ ਦੇ ਕਾਰਜ ਵੀ ਸ਼ੁਰੂ ਕਰਵਾਏ ਗਏ ਹਨ, ਜਿਸ ਤੇ ਲਗਭਗ 65.23 ਲੱਖ ਰੁਪਏ ਖਰਚ ਆਵੇਗਾ।

ਇਸ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਅੰਮ੍ਰਿਤਸਰ ਵਿਖੇ ਪੰਜਾਬ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਅਤੇ ਮੁਰੰਮਤ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਦੇ ਤਹਿਤ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਣ ਅਤੇ ਮੁਰੰਮਤ ਦੇ ਕੰਮ ਜੋਰਾਂ-ਸ਼ੋਰਾ ਨਾਲ ਚੱਲ ਰਹੇ ਹਨ। ਇਸੇ ਲੜੀ ਤਹਿਤ ਹਲਕਾ ਸਮਾਣਾ ਵਿਖੇ ਵੱਖ-ਵੱਖ ਲਿੰਕ ਸੜਕਾਂ ਨੂੰ ਬਣਾਉਣ ਦੇ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ ਹੈ। ਇਨ੍ਹਾਂ ਸੜਕਾਂ ਦੇ ਬਣਨ ਨਾਲ ਜਿੱਥੇ ਕਿਸਾਨਾਂ ਨੂੰ ਆਪਣੀ ਫਸਲ ਮੰਡੀਆਂ ਵਿੱਚ ਲੈ ਜਾਉਣ ਵਿੱਚ ਆਸਾਨੀ ਹੋਵੇਗਾ, ਉੱਥੇ ਹੀ ਕਿਸਾਨਾਂ, ਵਪਾਰੀਆਂ, ਵਿਦਿਆਰਥੀਆਂ ਅਤੇ ਆਮ ਜਨਤਾ ਲਈ ਆਵਾਜਾਈ ਆਸਾਨ ਹੋ ਜਾਵੇਗੀ ਅਤੇ ਆਰਥਿਕ ਗਤੀਵਿਧੀਆਂ ਨੂੰ ਵੀ ਵਾਧਾ ਮਿਲੇਗਾ।

ਸ. ਬਰਸਟ ਨੇ ਕਿਹਾ ਕਿ ਹਲਕਾ ਸਮਾਣਾ ਦੇ ਵਿਕਾਸ ਵਿੱਚ ਕਿਸੇ ਵੀ ਪ੍ਰਕਾਰ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸੜਕਾਂ ਦੇ ਨਿਰਮਾਣ ਦਾ ਕੰਮ ਵੀ ਜੋਰਾਂ-ਸ਼ੋਰਾਂ ਨਾਲ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਕਦਮ ਪੰਜਾਬ ਸਰਕਾਰ ਦੀ ਵਿਕਾਸਸ਼ੀਲ ਸੋਚ ਅਤੇ ਲੋਕ-ਕੇਂਦਰਤ ਨੀਤੀਆਂ ਦੀ ਇੱਕ ਹੋਰ ਮਿਸਾਲ ਹੈ। ਇਸ ਦੌਰਾਨ ਸਮੂੰਹ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਵਿਕਾਸਕਾਰੀ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸ. ਬਰਸਟ ਦਾ ਧੰਨਵਾਦ ਕੀਤਾ।

ਇਸ ਮੌਕੇ ਕਾਰਜਕਾਰੀ ਇੰਜੀਨੀਅਰ ਅੰਮ੍ਰਿਤਪਾਲ ਸਿੰਘ, ਹਰਿੰਦਰ ਸਿੰਘ ਧਬਲਾਨ, ਸ਼ਾਮ ਲਾਲ ਦੱਤ, ਗੁਰਦੀਪ ਸਿੰਘ ਕਾਹਨਗੜ੍ਹ ਸੋਸ਼ਲ ਮੀਡੀਆਂ ਇੰਚਾਰਜ, ਵੀਰ ਦਵਿੰਦਰ ਸਿੰਘ ਸਰਪੰਚ ਖੇੜੀ ਭੀਮਾਂ, ਕਮਲਦੀਪ ਸਿੰਘ ਨੰਬਰਦਾਰ, ਗੁਰਸਿਮਰਨ ਸਿੰਘ ਸਰਪੰਚ ਕਮਾਸਪੁਰ, ਮਨਜੀਤ ਸਿੰਘ ਸਰਪੰਚ ਕੋਟਲਾ ਨਸਰੂ, ਯਾਦਵਿੰਦਰ ਸਿੰਘ ਸਰਪੰਚ ਬਸਤੀ ਅਜੀਤ ਨਗਰ, ਚਰਨ ਸਿੰਘ ਸਰਪੰਚ ਜਮਾਲਪੁਰ, ਹਰਭਜਨ ਸਿੰਘ, ਸਿਕੰਦਰ ਸਿੰਘ, ਗੁਰਨੈਬ ਸਿੰਘ ਨੈਬੀ ਬਲਾਕ ਪ੍ਰਧਾਨ, ਲਖਵਿੰਦਰ ਸਿੰਘ ਲੱਖੀ ਸਾਬਕਾ ਸਰਪੰਚ, ਜੱਸ, ਜਸਵਿੰਦਰ ਸਿੰਘ, ਪਵਿੱਤਰ ਸਿੰਘ, ਅਮਰੀਕ ਸਿੰਘ, ਜਸਵਿੰਦਰ ਸਿੰਘ ਬੰਮਣਾ, ਲਖਬੀਰ ਸਿੰਘ ਲੱਖਾ, ਭੁਪਿੰਦਰ ਸਿੰਘ, ਬਲਵਿੰਦਰ ਸਿੰਘ ਬੰਮਣਾ, ਸੁਰਜੀਤ ਸਿੰਘ ਕਾਹਨਗੜ੍ਹ, ਦਰਸ਼ਨ ਸਿੰਘ ਕੁਲਬੁਰਸ਼ਾ, ਹਰਮੀਤ ਸਿੰਘ ਕੁਲਬੁਰਸ਼ਾ, ਗੁਰਤੇਜ ਸਿੰਘ ਸਾਬਕਾ ਪ੍ਰਧਾਨ ਸੁਸਾਇਟੀ, ਬਲਬੀਰ ਨਾਥ, ਕੁਲਦੀਪ ਸਿੰਘ ਅਚਰਾਲ, ਬਲਜੀਤ ਸਿੰਘ ਲਲੋਛੀ ਸਮੇਤ ਮੰਡੀ ਬੋਰਡ ਦੇ ਅਧਿਕਾਰੀ ਅਤੇ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

# ਪਿੰਡ ਦੁਲਮਾ ਵਿਖੇ ਸਵ: ਮਾਤਾ ਗੁਰਮੀਤ ਕੌਰ ਨੂੰ ਪਿਆਰ ਸਿੰਘ ਇੰਸਾਂ ਮਾਹਮਦਪੁਰ ਵੱਲੋਂ ਫ਼ਲਦਾਰ ਬੂਟੇ ਵੰਡ ਕੇ ਸ਼ਰਧਾਂਜਲੀ ਭੇਟ ਕੀਤੀ

ਮਹਿਲ ਕਲਾਂ 1, (ਬਲਜਿੰਦਰ ਸਿੰਘ ਢਿੱਲੋਂ ਰਾਜਵਿੰਦਰ ਸਿੰਘ ਕਲਾਲ ਮਾਜਰਾ )ਪਿੰਡ ਦੁਲਮਾ ਵਿਖੇ ਸਵ: ਮਾਤਾ ਗੁਰਮੀਤ ਕੌਰ ਨੂੰ ਪਿਆਰ ਸਿੰਘ ਇੰਸਾਂ ਮਾਹਮਦਪੁਰ ਵੱਲੋਂ ਫ਼ਲਦਾਰ ਬੂਟੇ ਵੰਡ ਕੇ ਸ਼ਰਧਾਂਜਲੀ ਭੇਟ ਕੀਤੀ 1/10//2025 ਨੂੰ ਪੂਜਨੀਕ ਮਾਤਾ ਗੁਰਮੀਤ ਕੌਰ ਦੀ ਅੰਤਿਮ ਅਰਦਾਸ ਤੇ ਪਿੰਡ ਦੁਲਮਾ ਵਿਖੇ ਪਿਆਰਾ ਸਿੰਘ ਇੰਸਾਂ ਮਾਹਮਦਪੁਰ ਪ੍ਰਸਿੱਧ ਸਮਾਜਸੇਵੀ ਛਾਂਦਾਰ, ਫ਼ਲਦਾਰ ਬੂਟੇ ਵੰਡ ਕੇ ਸ਼ਰਧਾਂਜਲੀ ਭੇਟ ਕੀਤੀ। ਅਤੇ ਵਿਛੜੀ ਰੂਹ ਦੀ ਸ਼ਾਂਤੀ ਲਈ ਨਾਮ ਦਾ ਸਿਮਰਨ ਕੀਤਾ।ਇਹੋ ਸੱਚੀ ਸ਼ਰਧਾਂਜਲੀ ਹੈ।





# ਕਲਸਟਰ ਪੱਧਰੀ ਪ੍ਰਾਇਮਰੀ ਖੇਡਾਂ ਸਰਕਾਰੀ ਪ੍ਰਾਇਮਰੀ ਸਕੂਲ ਕਲਾਲ ਮਾਜਰਾ ਦੇ ਬੱਚਿਆਂ ਦਾ ਰਿਹਾ ਸ਼ਾਨਦਾਰ ਪ੍ਰਦਰਸ



ਮਹਿਲ ਕਲਾਂ (ਰਾਜਵਿੰਦਰ ਸਿੰਘ ਕਲਾਲ ਮਾਜਰਾ ਬਲਜਿੰਦਰ ਸਿੰਘ ਢਿੱਲੋਂ) ਕਲਸਟਰ ਪੱਧਰੀ ਪ੍ਰਾਇਮਰੀ ਖੇਡਾਂ ਸਰਕਾਰੀ ਪ੍ਰਾਇਮਰੀ ਸਕੂਲ ਕਲਾਲ ਮਾਜਰਾ ਦੇ ਬੱਚਿਆਂ ਦਾ ਰਿਹਾ ਸ਼ਾਨਦਾਰ ਪ੍ਰਦਰਸ ਗਰੁੱਪ ਯੋਗਾ ਲੜਕੇ ਫਸਟ ਗਰੁੱਪ ਯੋਗਾ ਲੜਕੀਆਂ ਫਸਟ ਰਿਧਮਕ ਯੋਗਾ ਮੁੰਡੇ ਫਸਟ ਰਿਧਮਕ ਯੋਗਾ ਕੁੜੀਆਂ ਫਸਟ ,ਵਿਅਕਤੀਗਤ ਯੋਗਾ ਮੁੰਡੇ ਕੁੜੀਆਂ ਫਸਟਸਤਰੰਜ ਮੁੰਡੇ ਫਸਟ,ਸਤਰੰਜ ਕੁੜੀਆਂ ਫਸਟ, ਲੰਬੀ ਸਾਲ ਮੁੰਡਾ ਸੈਕੰਡ 100ਮੀਟਰ ਲੜਕੇ ਸੈਕਿੰਡ, 100 ਮੀਟਰ ਕੁੜੀਆਂ ਸੈਕਿੰਡ ,200 ਮੀਟਰ ਲੜਕੇ ਸੈਕੰਡ, 200 ਮੀਟਰ ਲੜਕੀਆਂ ਸੈਕੰਡ, 400 ਮੀਟਰ ਲੜਕੇ ਫਸਟ ,600 ਮੀਟਰ ਲੜਕੇ ਸੈਕੰਡ, 600 ਮੀਟਰ ਲੜਕੇ ਥਰਡਮੇਰੇ ਬਹੁਤ ਹੀ ਪਿਆਰੇ ਬੱਚਿਆਂ ਨੂੰ ਅਤੇ ਉਹਨਾਂ ਦੇ ਸਤਿਕਾਰਯੋਗ ਮਾਤਾ ਪਿਤਾ ਨੂੰ ਅਤੇ ਸਾਡੇ ਸਮੁੱਚੇ ਸਟਾਫ ਨੂੰ ਬਹੁਤ ਬਹੁਤ ਮੁਬਾਰਕਾਂ ਜਿਨਾਂ ਸਾਰਿਆਂ ਦੇ ਸਹਿਯੋਗ ਦੇ ਨਾਲ ਬੱਚੇ ਸਕੂਲ ਦਾ ਨਾਮ ਰੌਸ਼ਨ ਕਰਨ ਦੇ ਵਿੱਚ ਕਾਮਯਾਬ ਰਹੇ ਉਮੀਦ ਹੈ ਕਿ ਬੱਚੇ ਇਸੇ ਤਰ੍ਹਾਂ ਹੀ ਮਿਹਨਤ ਕਰਨਗੇ ਅਤੇ ਬਲਾਕ ਪੱਧਰੀ ਖੇਡਾਂ ਦੇ ਵਿੱਚ ਵੀ ਚੰਗਾ ਪ੍ਰਦਰਸ਼ਨ ਕਰਨਗੇ ਸੋ ਆਪਣੀ ਜਿੰਮੇਵਾਰੀ ਹੋਰ ਵਧ ਗਈ ਹੈ ਆਪਾਂ ਇਹਨਾਂ ਬੱਚਿਆਂ ਦੀ ਤਿਆਰੀ ਹੋਰ ਜੋਰਾਂ ਸ਼ੋਰਾਂ ਨਾਲ ਕਰਵਾਉਣੀ ਹੈ ਤਾਂ ਜੋ ਇਹ ਬੱਚੇ ਬਲਾਕ ਪੱਧਰੀ ਖੇਡਾਂ ਵਿੱਚ ਵੀ ਚੰਗਾ ਪ੍ਰਦਰਸ਼ਨ ਕਰਨ।

# ਪਟੇਲ ਕਾਲਜ ਦੇ ਖੇਡ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਐਨ.ਆਈ.ਐਸ ਪਟਿਆਲਾ ਦੇ ਇੱਕ ਰੋਜ਼ਾ ਵਿੱਦਿਅਕ ਦੌਰੇ ਦਾ ਕੀਤਾ ਗਿਆ ਆਯੋਜਨ

ਰਾਜਪੁਰਾ, 01 ਅਕਤੂਬਰ (ਹਿਮਾਂਸ਼ੂ ਹੈਰੀ): ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ, ਰਾਜਪੁਰਾ ਦੇ ਖੇਡ ਵਿਭਾਗ ਦੇ ਇੰਚਾਰਜ ਡਾ.ਮਨਦੀਪ ਕੌਰ,ਪ੍ਰੋ.ਤਰਿਸ਼ਰਨਦੀਪ ਸਿੰਘ ਗਰੇਵਾਲ ਅਤੇ ਕੋਚ ਹਰਪ੍ਰੀਤ ਸਿੰਘ ਵਲੋਂ ਖੇਡ ਵਿਭਾਗ ਦੇ ਵਿਦਿਆਰਥੀਆਂ ਦਾ ਐਨ. ਆਈ. ਐਸ. ਪਟਿਆਲਾ ਦਾ ਇੱਕ ਰੋਜ਼ਾ ਵਿੱਦਿਅਕ ਦੌਰਾ ਕਰਵਾਇਆ ਗਿਆ। ਖੇਡ ਵਿਭਾਗ ਦੇ ਅਧਿਆਪਕ ਸਾਹਿਬਾਨ ਨੇ ਦੱਸਿਆ ਕਿ ਇਸ ਦੌਰੇ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਵਿਦਿਆਰਥੀਆਂ ਨੂੰ ਖੇਡਾਂ ਅਤੇ ਸਰੀਰਕ ਟਰੇਨਿੰਗ ਸੰਬੰਧੀ ਨਵੀਆਂ ਤਕਨੀਕਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਐਨ ਆਈ ਐਸ ਦੇ ਵੱਖ-ਵੱਖ ਵਿਭਾਗਾਂ ਵਿੱਚ ਆਧੁਨਿਕ ਤਰੀਕੇ ਦੀਆਂ ਲੈਬ ਵਿੱਚ ਸਿਖਲਾਈ ਨਾਲ ਸਬੰਧਤ ਗਤੀਵਿਧੀਆਂ ਦੀ ਜਾਣਕਾਰੀ ਦਿੱਤੀ ਗਈ ਅਤੇ ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਮਿਊਜ਼ੀਅਮ ਵਿੱਚ ਭਾਰਤ ਦੇ ਉੱਚ ਕੋਟੀ ਦੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਅਤੇ ਖੇਡਾਂ ਇਤਿਹਾਸ ਨਾਲ ਸਬੰਧਤ ਬਹੁਤ ਕੁਝ ਦੇਖਣ ਦਾ ਮੌਕਾ ਮਿਲਿਆ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਐਨ.ਆਈ.ਐਸ ਦੇ ਫਿਜ਼ਿਓਲੌਜੀ ਅਤੇ ਬਾਇਓਮਕੈਨਿਕ ਵਿਭਾਗਾਂ ਦੇ ਮੁਖੀਆਂ ਦੁਆਰਾ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕਾਂ ਬਾਰੇ ਜਾਣਕਾਰੀ ਦਿਤੀ ਗਈ ਅਤੇ ਵਿਦਿਆਰਥੀਆਂ ਦੀ ਸਰੀਰਕ ਜਾਂਚ ਵੀ ਕੀਤੀ ਗਈ। ਇਸ ਮੌਕੇ ਪ੍ਰੋ.ਦਲਜੀਤ ਸਿੰਘ ਅਤੇ ਲਗਭਗ ਤੀਹ ਵਿਦਿਆਰਥੀ ਸ਼ਾਮਿਲ ਸਨ।



# ਵਿਦਿਆਰਥੀਆਂ ਦੇ ਗਿਆਨ ਨੂੰ ਵਧਾਉਣ ਲਈ ਸਕੂਲ 'ਚ ਕਰਵਾਈ ਐਕਟੀਵਿਟੀ - ਆਈ.ਟੀ.ਆਈ. ਅਤੇ ਬਾਰਾਦਰੀ ਵਿਖੇ ਵਿਦਿਅਕ ਕਰਵਾਈ ਵਿਜਿਟ

## - ਇਸ ਨਾਲ ਬੱਚਿਆਂ ਨੂੰ ਅਸਲ-ਸੰਸਾਰ ਦੀਆਂ ਘਟਨਾਵਾਂ ਨੂੰ ਦੇਖਣ ਅਤੇ ਅਨੁਭਵ ਕਰਨ ਦਾ ਮੌਕਾ ਮਿਲੇਗਾ - ਅਸ਼ਵਨੀ ਦੱਤਾ



ਨਵਾਂਸ਼ਹਿਰ, 1 ਅਕਤੂਬਰ(ਜਤਿੰਦਰ ਪਾਲ ਸਿੰਘ ਕਲੇਰ )

ਕੇ.ਸੀ. ਪਬਲਿਕ ਸਕੂਲ 'ਚ ਹਫਤਾ 'ਚ ਸਕੂਲ ਪ੍ਰਿੰਸੀਪਲ ਅਤੇ ਸੀ.ਈ.ਓ. (ਕੇ.ਸੀ. ਗਰੁੱਪ ਕੈਪਟਨ) ਅਸ਼ਵਨੀ ਦੱਤਾ ਦੀ ਦੇਖਰੇਖ 'ਚ ਵਿਦਿਆਰਥੀਆਂ ਦੇ ਗਿਆਨ ਨੂੰ ਵਧਾਉਣ ਲਈ ਵਿਦਿਅਕ ਗਤੀਵਿਧੀਆਂ ਕਰਵਾਈਆਂ ਗਈ, ਜਿਸ 'ਚ ਹਿੱਸਾ ਲੈ ਕੇ ਬੱਚਿਆਂ ਨੇ ਸੁਣ ਕੇ, ਦੇਖ ਕੇ ਅਤੇ ਹਿੱਸਾ ਲੈ ਕੇ ਆਪਣੇ ਆਤਮ-ਵਿਸ਼ਵਾਸ ਨੂੰ ਵਧਾਇਆ ਹੈ। ਪ੍ਰਾਰਥਨਾ ਸਭਾ ਦੌਰਾਨ, ਵਿਦਿਆਰਥੀਆਂ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਮਹਾਤਮਾ ਗਾਂਧੀ ਅਤੇ ਲਾਲ ਬਹਾਦਰ ਸ਼ਾਸਤਰੀ ਦੇ ਜੀਵਨ ਬਾਰੇ ਵਿਚਾਰ ਸਾਂਝੇ ਕੀਤੇ, ਇਨ੍ਹਾਂ ਮਹਾਨ ਸ਼ਖਸੀਅਤਾਂ ਵਲੋ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਲਈ। ਪ੍ਰਾਰਥਨਾ ਸਭਾ ਦੌਰਾਨ, ਉਨ੍ਹਾਂ ਨੇ ਨਵਰਾਤਰੀ ਅਤੇ ਦੁਸਹਿਰਾ ਦੇ ਸੰਬੰਧ 'ਚ ਡਾਂਡੀਆ ਨਾਚ ਵੀ ਪੇਸ਼ ਕੀਤਾ। ਇਸ ਤੋਂ ਇਲਾਵਾ, ਪਹਿਲੀ ਅਤੇ ਦੂਜੀ ਕਲਾਸ ਦੇ ਵਿਦਿਆਰਥੀਆਂ ਨੇ ਰਾਵਣ, ਕੁੰਭਕਰਨ ਅਤੇ ਮੇਘਨਾਦ ਦੇ ਪੁਤਲੇ ਦੇਖਣ ਲਈ ਆਈ.ਟੀ.ਆਈ. ਦਾ ਵਿਦਿਅਕ ਦੌਰਾ ਕੀਤਾ ਅਤੇ ਮੇਲੇ ਦਾ ਆਨੰਦ ਮਾਣਿਆ। ਫਿਰ ਉਨ੍ਹਾਂ ਨੇ ਬਾਰਾਦਰੀ ਦਾ ਦੌਰਾ ਕੀਤਾ, ਜਿੱਥੇ ਮੈਡਮ ਅਨੂਪ ਰਾਣਾ ਨੇ ਇਸਦਾ ਇਤਿਹਾਸ ਦੱਸਿਆ। ਮਹਾਰਾਜਾ ਰਣਜੀਤ ਸਿੰਘ ਦੀ ਯਾਦ 'ਚ 1807 ਦੇ ਆਸਪਾਸ ਇਸਨੂੰ ਬਣਾਇਆ ਗਿਆ, ਬਾਰਾਂਦਰੀ ਇੱਕ ਪ੍ਰਸਿੱਧ ਆਕਰਸ਼ਣ ਦੀ ਜਗਾ ਸੀ। ਬੱਚਿਆਂ ਨੇ ਝੂਲਿਆਂ ਦਾ ਆਨੰਦ ਮਾਣਿਆ, ਪ੍ਰਾਚੀਨ ਰੁੱਖ ਦੇਖੇ ਅਤੇ ਮੂਰਤੀਆਂ ਨਾਲ ਫੋਟੋਆਂ ਖਿਚਵਾਈਆਂ। ਸੰਗੀਤ ਟੀਚਰ ਸਾਹਿਲ, ਸੁਨੈਨਾ, ਵਿਪਨ ਕੁਮਾਰ, ਸਹਾਇਕ ਜੋਤੀ, ਡਰਾਈਵਰ ਗੁਰਮੇਲ ਸਿੰਘ ਅਤੇ ਪ੍ਰੇਮ ਪਾਲ ਉਨ੍ਹਾਂ ਦੇ ਨਾਲ ਗਏ, ਵਾਪਸ ਆਉਣ 'ਤੇ, ਅਸ਼ਵਨੀ ਦੱਤਾ ਨੇ ਵਿਦਿਆਰਥੀਆਂ ਤੋਂ ਸਵਾਲ ਪੁੱਛੇ। ਦੱਤਾ ਨੇ ਦੱਸਿਆ ਕਿ ਅਜਿਹੇ ਵਿਜਿਟ ਬੱਚਿਆ ਨੂੰ ਕਲਾਸ ਦੀ ਗੱਲਾ ਨੂੰ ਅਸਲ ਦੁਨੀਆਂ 'ਚ ਦੇਖਣ ਅਤੇ ਅਨੁਭਵ ਕਰਨ ਦਾ ਮੌਕਾ ਦਿੰਦਾ ਹੈ, ਜੋ ਆਤਮ-ਵਿਸ਼ਵਾਸ ਵਧਾਉਂਦਾ ਹੈ, ਗਿਆਨ ਨੂੰ ਡੂੰਘਾ ਕਰਦਾ ਹੈ, ਸਮਾਜਿਕ ਹੁਨਰ ਵਿਕਸਿਤ ਕਰਦਾ ਹੈ, ਅਤੇ ਰਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਦਾ ਹੈ।

# ਬਟਾਲਾ ਨਗਰ ਨਿਗਮ ਸਫਾਈ ਕਰਮਚਾਰੀਆਂ ਦਾ ਧਰਨਾ, ਸਖ਼ਤ ਕਾਰਵਾਈ ਦੀ ਮੰਗ



ਬਟਾਲਾ, 1 ਅਕਤੂਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ):ਨਗਰ ਨਿਗਮ ਬਟਾਲਾ ਦੇ ਸਮੂਹ ਸਫਾਈ ਸੇਵਕ ਯੂਨੀਅਨ ਵੱਲੋਂ ਅੱਜ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਹ ਧਰਨਾ ਵਾਰਡ ਨੰਬਰ 10 ਗੁਰੂ ਨਾਨਕ ਨਗਰ, ਗੁਰੂ ਤੇਗ ਬਹਾਦਰ ਕਾਲੋਨੀ ਦੇ ਰਹਿਣ ਵਾਲੇ ਜਤਿੰਦਰ ਸਿੰਘ ਵਲੋਂ ਸਫਾਈ ਕਰਮਚਾਰੀ ਨਾਲ ਕੀਤੇ ਗਏ ਵਿਵਾਦਪੂਰਨ ਕਦਮ ਦੇ ਖ਼ਿਲਾਫ਼ ਲਗਾਇਆ ਗਿਆ।ਜਾਣਕਾਰੀ ਅਨੁਸਾਰ, ਜਤਿੰਦਰ ਸਿੰਘ ਨੇ ਸਫਾਈ ਕਰਮਚਾਰੀ ਨਾਲ ਬਦਸਲੂਕੀ ਕਰਦਿਆਂ ਅਣਸ਼ੋਭਣ ਬੋਲ ਬੋਲੇ, ਉਤਪਾਤ ਮਚਾਇਆ ਅਤੇ ਹੱਥਾਪਾਈ ਵੀ ਕੀਤੀ। ਇਸ ਘਟਨਾ ਨਾਲ ਨਾਰਾਜ਼ ਸਫਾਈ ਕਰਮਚਾਰੀਆਂ ਨੇ ਰੋਸ ਜਤਾਉਂਦਿਆਂ ਦੋਸ਼ੀ ਵਿਰੁੱਧ ਤੁਰੰਤ ਕਾਰਵਾਈ ਦੀ ਮੰਗ ਕੀਤੀ।

ਧਰਨਾ ਦੌਰਾਨ ਇਕੱਠੇ ਹੋਏ ਯੂਨੀਅਨ ਮੈਂਬਰਾਂ ਨੇ ਸਖ਼ਤ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਵਲੋਂ ਜਤਿੰਦਰ ਸਿੰਘ ਖ਼ਿਲਾਫ਼ ਜਲਦ ਕਾਰਵਾਈ ਨਾ ਕੀਤੀ ਗਈ ਤਾਂ ਉਹ ਵੱਡੀ ਰੈਲੀ ਕੱਢ ਕੇ ਤਿੱਖਾ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ।ਇਸ ਮੌਕੇ ਯੂਨੀਅਨ ਦੇ ਪ੍ਰਧਾਨ ਵਿਕੀ ਕਲਿਆਣ, ਨਰੇਸ਼ ਖੋਸਲਾ, ਜਿੰਮੀ ਮਲਹੋਤਰਾ, ਬੀਬੀ ਕੁਮਲੇਸ, ਰਿੰਕੂ ਭੱਟੀ, ਸੁਖਦੇਵ ਕਲਿਆਣ, ਰਾਜ, ਬਿੱਲੂ ਅਤੇ ਸ਼ਕਤੀ ਭੱਟੀ ਸਮੇਤ ਹੋਰ ਮੈਂਬਰ ਹਾਜ਼ਰ ਰਹੇ। ਸਫਾਈ ਸੇਵਕ ਯੂਨੀਅਨ ਵੱਲੋਂ ਐਸਐਸਪੀ ਬਟਾਲਾ ਨੂੰ ਲਿਖਤੀ ਮੰਗ ਪੱਤਰ ਵੀ ਸੌਂਪਿਆ ਗਿਆ ਹੈ, ਜਿਸ ਵਿੱਚ ਦੋਸ਼ੀ ਖ਼ਿਲਾਫ਼ ਸਖ਼ਤ ਬਣਦੀ ਕਾਰਵਾਈ ਦੀ ਮੰਗ ਕੀਤੀ ਗਈ। ਯੂਨੀਅਨ ਮੈਂਬਰਾਂ ਨੇ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਕਾਰਵਾਈ ਨਾ ਕੀਤੀ ਤਾਂ ਉਹ ਕੰਮ ਬੰਦ ਕਰਕੇ ਵੱਡੇ ਪੱਧਰ 'ਤੇ ਧਰਨਾ ਪ੍ਰਦਰਸ਼ਨ ਕਰਨ ਲਈ ਵਚਨਬੱਧ ਹਨ।

# ਅਮਰੀਕਾ ਲਈ ਡੰਕੀ ਰਾਹੀਂ ਨਿਕਲੇ ਸਮਗੌਲੀ ਦੇ ਨੌਜਵਾਨ ਦੀ ਮੌਤ ਦਾ ਮਾਮਲਾ :

## ਹਲਕਾ ਵਿਧਾਇਕ ਨੇ ਮ੍ਰਿਤਕ ਦੇਹ ਜਲਦ ਲਿਆਉਣ ਲਈ ਕੀਤੀ ਕੇਂਦਰੀ ਮੰਤਰੀਆਂ ਤੇ ਸੰਸਦ ਮੈਂਬਰਾਂ ਨਾਲ ਗੱਲਬਾਤ

www.desipunjab.in

ਡੇਰਾਬੱਸੀ,1 ਅਕਤੂਬਰ (ਸੰਜੀਵ ਸਿੰਘ ਸੈਣੀ)ਡੇਰਾਬੱਸੀ ਦੇ ਪਿੰਡ ਸਮਗੌਲੀ ਦਾ ਹਰਦੀਪ ਸਿੰਘ ਪੁੱਤਰ ਰਜਿੰਦਰ ਸਿੰਘ ਡੰਕੀ ਲਗਾ ਕੇ ਅਮਰੀਕਾ ਜਾਣ ਲਈ ਨਿਕਲਿਆ ਸੀ ਪਰ ਮੈਕਸੀਕੋ ਵਿਚ ਉਸ ਦੀ ਮੌਤ ਹੋ ਗਈ। ਇਸ ਵੇਲੇ ਪਰਿਵਾਰ ਉਸਦੀ ਮ੍ਰਿਤਕ ਦੇਹ ਭਾਰਤ ਮੰਗਾਉਣ ਲਈ ਸੰਘਰਸ਼ ਕਰ ਰਿਹਾ ਹੈ। ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਹਰਦੀਪ ਦੇ ਪਰਿਵਾਰ ਨਾਲ ਮਿਲ ਕੇ ਦੁੱਖ ਸਾਂਝਾ ਕੀਤਾ ਅਤੇ ਭਰੋਸਾ ਦਿੱਤਾ ਕਿ ਮ੍ਰਿਤਕ ਦੇਹ ਜਲਦੀ ਭਾਰਤ ਲਿਆਉਣ ਲਈ ਉਹਨਾਂ ਨੇ ਵੱਖ-ਵੱਖ ਸੰਸਦ ਮੈਂਬਰਾਂ ਤੇ ਮੰਤਰੀਆਂ ਨਾਲ ਗੱਲ ਕੀਤੀ ਹੈ ਤੇ ਸਾਰੇ ਜ਼ਰੂਰੀ ਦਸਤਾਵੇਜ਼ ਕੇਂਦਰ ਸਰਕਾਰ ਨੂੰ ਭੇਜੇ ਹਨ।

ਵਿਧਾਇਕ ਰੰਧਾਵਾ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਵਿੱਚ ਡੇਰਾਬੱਸੀ ਹਲਕੇ ਦੇ ਹੀ ਕਈ ਪਰਿਵਾਰ ਵਿਦੇਸ਼ੀ ਰੋਜ਼ਗਾਰ ਦੀ ਖ਼ਾਤਰ ਆਪਣੀ ਜ਼ਮੀਨ, ਗਹਿਣੇ ਵੇਚਕੇ ਠੱਗੀ ਦਾ ਸ਼ਿਕਾਰ ਹੋ ਰਹੇ ਹਨ। ਇਹਨਾਂ ਵਿੱਚੋਂ ਚੌਥਾ ਮਾਮਲਾ ਹੈ ਜਿੱਥੇ ਡੰਕੀ ਰਾਹੀਂ ਗਏ ਨੌਜਵਾਨ ਦੀ ਮੌਤ ਹੋਈ ਹੈ। ਪਰਿਵਾਰਾਂ ਦੇ ਸੁਪਨੇ ਚਕਨਾਚੂਰ ਹੋ ਰਹੇ ਹਨ ਅਤੇ ਕਰਜ਼ੇ ਵਿੱਚ ਡੁੱਬ ਰਹੇ ਹਨ। ਹਰਦੀਪ ਦਾ ਪਰਿਵਾਰ ਵੀ 37 ਲੱਖ ਰੁਪਏ ਦੀ ਠੱਗੀ ਦਾ ਸ਼ਿਕਾਰ ਹੋਇਆ।

ਇਸ ਮਾਮਲੇ ਵਿੱਚ ਪੁਲਿਸ ਨੇ ਦੋ ਏਜੈਂਟਾਂ ਨਿਤਿਨ ਸੈਣੀ ਨਿਵਾਸੀ ਬਰਨਾਲਾ ਅਤੇ ਸੁਖਵਿੰਦਰ ਸੈਣੀ ਨਿਵਾਸੀ ਭਾਂਖਰਪੁਰ ਡੇਰਾਬੱਸੀ ਦੇ ਖ਼ਿਲਾਫ਼ ਇਮੀਗ੍ਰੇਸ਼ਨ ਐਕਟ ਦੀਆਂ ਵੱਖ-ਵੱਖ ਧਾਰਾਵਾਂ ਹੇਠ ਮੁਕੱਦਮਾ ਦਰਜ ਕਰ ਦਿੱਤਾ ਹੈ।

ਰੰਧਾਵਾ ਦੇ ਨਾਲ ਡੇਰਾਬੱਸੀ ਥਾਣਾ ਪ੍ਰਬੰਧਕ ਸੁਮਿਤ ਮੋਰ ਵੀ ਮੌਜੂਦ ਸਨ। ਵਿਧਾਇਕ ਨੇ ਕਿਹਾ ਕਿ ਮਾਮਲੇ ਨੂੰ ਉਹਨਾਂ ਨੇ ਕੇਂਦਰ ਸਰਕਾਰ ਤੱਕ ਪਹੁੰਚਾ ਦਿੱਤਾ ਹੈ ਤਾਂ ਜੋ ਬੌਡੀ ਜਲਦੀ ਤੋਂ ਜਲਦੀ ਪਰਿਵਾਰ ਤੱਕ ਲਿਆਈ ਜਾ ਸਕੇ ਅਤੇ ਪੂਰੀ ਜਾਂਚ ਨਿਰਪੱਖ ਢੰਗ ਨਾਲ ਹੋ ਸਕੇ।



ਗੌਰਤਲਬ ਹੈ ਕਿ ਹਰਦੀਪ ਜੁਲਾਈ 2024 ਵਿੱਚ ਘਰੋਂ ਨਿਕਲਿਆ ਸੀ। ਏਜੈਂਟਾਂ ਨੇ ਵਾਅਦਾ ਕੀਤਾ ਸੀ ਕਿ ਉਹ ਉਸਨੂੰ ਡੰਕੀ ਰਾਹੀਂ ਮੈਕਸੀਕੋ ਦੀ ਸਰਹੱਦ ਪਾਰ ਕਰਵਾ ਕੇ ਅਮਰੀਕਾ ਪਹੁੰਚਾਉਣਗੇ। ਪਰ ਉਥੇ ਪਹੁੰਚਣ ਮਗਰੋਂ ਕੋਈ ਸਹਾਇਤਾ ਨਹੀਂ ਦਿੱਤੀ ਗਈ। ਮਰਨ ਤੋਂ ਪਹਿਲਾਂ ਹਰਦੀਪ ਨੇ ਇੱਕ ਵੀਡੀਓ ਵੀ ਭੇਜੀ ਸੀ ਜਿਸ ਵਿੱਚ ਉਸ ਨੇ ਸਿੱਧੇ ਤੌਰ 'ਤੇ ਮੁੱਖ ਮੰਤਰੀ ਭਗਵੰਤ ਮਾਨ, ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਅਤੇ ਐਸ.ਐਸ.ਪੀ. ਮੋਹਾਲੀ ਨੂੰ ਅਪੀਲ ਕੀਤੀ ਸੀ ਕਿ ਠੱਗ ਏਜੈਂਟਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

# RSS ਦੇ ਝੂਠੇ ਦਾਅਵਿਆਂ ਦਾ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਮੂੰਹ ਤੋੜ ਜਵਾਬ

## ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਵੱਲੋਂ ਹੜ੍ਹ ਪੀੜ੍ਹਤਾਂ ਦੀ ਮਦਦ ਦਾ ਸਹਿਰਾ RSS ਸਿਰ ਬੰਨਣਾ ਝੂਠਾ ਪ੍ਰਚਾਰ : ਸ਼ਮਸ਼ੇਰ ਸਿੰਘ ਪੱਧਰੀ

ਅੰਮ੍ਰਿਤਸਰ 1 ਅਕਤੂਬਰ ( ਗਿੱਲ ) ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਤੋਂ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਤਰਨਤਾਰਨ ਜਿਮਨੀ ਚੋਣ ਦੇ ਸਬੰਧ ਵਿੱਚ ਬਤੌਰ ਜੋਨ ਇੰਚਾਰਜ ਪਿੰਡ ਢੰਡ ਕਸੇਲ ਵਿਖੇ ਕੀਤੀਆਂ ਮੀਟਿੰਗਾਂ ਦੌਰਾਨ ਪ੍ਰੈਸ ਨੋਟ ਰਾਹੀਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਇਹ ਕਹਿਣਾ ਕਿ ਪੰਜਾਬ ਵਿੱਚ ਆਏ ਹੜ੍ਹਾਂ ਦੌਰਾਨ ਸਭ ਤੋਂ ਪਹਿਲਾਂ ਮਦਦ ਲਈ R S S ਪਹੁੰਚਿਆ ਸੀ, ਪੂਰੀ ਤਰ੍ਹਾਂ ਝੂਠ ਅਤੇ ਭ੍ਰਮ ਪੈਦਾ ਕਰਨ ਦੀ ਸਾਜ਼ਿਸ਼ ਹੈ। ਇਹਨਾਂ ਮੀਟਿੰਗਾਂ ਦੌਰਾਨ ਭਾਈ ਪੱਧਰੀ ਦੇ ਨਾਲ ਭਾਈ ਦਇਆ ਸਿੰਘ ਜੀ, ਭਾਈ ਕੁਲਵਿੰਦਰ ਸਿੰਘ ਜੀ ਵਡਾਲੀ, ਭਾਈ ਹਰਪ੍ਰੀਤ ਸਿੰਘ ਜੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਕੁਲਵਿੰਦਰ ਸਿੰਘ ਜੀ ਕਸੇਲ, ਭਾਈ ਨਾਨਕ ਸਿੰਘ ਜੀ ਕਸੇਲ, ਭਾਈ ਕੁਲਵਿੰਦਰ ਸਿੰਘ ਜੀ ਕਿੰਦਾ, ਭਾਈ ਰਤਨ ਸਿੰਘ ਜੀ ਢੰਡ, ਭਾਈ ਪ੍ਰਗਟ ਸਿੰਘ ਮੀਰਾਂਕੋਟ, ਭਾਈ ਸੁਖਬੀਰ ਸਿੰਘ ਚੀਮਾਂ ਅਤੇ ਹੋਰ ਸਰਗਰਮ ਵਰਕਰ ਵੀ ਮੌਜੂਦ ਸਨ। ਉਹਨਾਂ ਕਿਹਾ ਕਿ ਸੱਚਾਈ ਇਹ ਹੈ ਕਿ ਹੜ੍ਹਾਂ ਦੇ ਪਹਿਲੇ ਹੀ ਦਿਨ ਤੋਂ ਪੰਜਾਬੀ ਸੰਗਤ ਨੇ ਆਪਣੇ ਸਰਬੱਤ ਦੇ ਭਲੇ ਵਾਲੇ ਗੁਰਮਤੀ ਇਤਿਹਾਸ ਨੂੰ ਨਿਭਾਉਂਦੇ ਹੋਏ ਗੁਰਦੁਆਰਿਆਂ ਦੇ ਲੰਗਰਾਂ, ਸੇਵਾ ਅਤੇ ਪੰਥਕ ਸੰਗਠਨਾਂ ਰਾਹੀਂ ਪੀੜਤ ਲੋਕਾਂ ਦੀ ਬੇਮਿਸਾਲ ਸੇਵਾ ਕੀਤੀ। RSS, ਜੋ ਹਮੇਸ਼ਾਂ ਸਿੱਖ ਕੌਮ ਦੀਆਂ ਕੁਰਬਾਨੀਆਂ ਤੇ ਸੇਵਾਵਾਂ ਨੂੰ ਆਪਣੇ ਖਾਤੇ ਵਿੱਚ ਪਾਉਣ ਦੀ ਕੋਸ਼ਿਸ਼ ਕਰਦਾ ਆਇਆ ਹੈ, ਹੁਣ ਹੜ੍ਹਾਂ ਦੀ ਮਦਦ ਦੇ ਨਾਮ 'ਤੇ ਵੀ ਪੰਜਾਬੀਆਂ ਦੀ ਸੇਵਾ ਦਾ ਸਹਿਰਾ ਆਪਣੇ ਸਿਰ ਬੰਨਣ ਦੀ ਕੋਸ਼ਿਸ਼ ਕਰ ਰਿਹਾ ਹੈ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਜਦੋਂ ਸਰਕਾਰ ਤੇ RSS ਦੀਆਂ ਏਜੰਸੀਆਂ ਕਾਗ਼ਜ਼ੀ ਦਾਅਵਿਆਂ 'ਚ ਫੱਸੀਆਂ ਰਹੀਆਂ, ਉਸ ਵੇਲੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀਆਂ ਟੀਮਾਂ, ਸਿੱਖ ਨੌਜਵਾਨਾਂ ਅਤੇ ਸੰਗਤਾਂ ਨੇ 24 ਘੰਟੇ ਪੀੜਤ ਲੋਕਾਂ ਲਈ ਰਾਹਤ ਕੈਂਪ ਲਗਾ ਕੇ, ਲੰਗਰਾਂ ਦੇ ਰਾਹੀਂ ਖਾਣ-ਪੀਣ, ਦਵਾਈਆਂ ਅਤੇ ਰਹਿਣ-ਸਹਿਣ ਦਾ ਪ੍ਰਬੰਧ ਕੀਤਾ। ਅਕਾਲੀ ਦਲ ਵਾਰਿਸ ਪੰਜਾਬ ਦੇ ਸਪੱਸ਼ਟ ਕਰਦਾ ਹੈ ਕਿ RSS ਨੇ ਨਾਂ ਪਹਿਲਾਂ ਕਦੇ ਪੰਜਾਬ ਦੀ ਭਲਾਈ ਲਈ ਕੋਈ ਸੱਚੀ ਸੇਵਾ ਕੀਤੀ ਹੈ, ਨਾ ਹੀ ਹੁਣ। RSS ਦਾ ਕੰਮ ਸਿਰਫ਼ ਲੋਕਾਂ ਦੇ ਭਾਵਨਾਤਮਕ ਮੁੱਦਿਆਂ ਨੂੰ ਆਪਣੇ ਹਿੰਦੂ ਰਾਸ਼ਟਰ ਅਜੰਡੇ ਲਈ ਵਰਤਣਾ ਹੀ ਹੈ। ਇਸ ਲਈ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨੂੰ ਬੇਨਤੀ ਹੈ ਕਿ ਪੰਜਾਬ ਦੀ ਸੇਵਾ ਦੇ ਮਾਮਲੇ ਵਿੱਚ RSS ਦਾ ਝੂਠਾ ਪ੍ਰਚਾਰ ਨਾਂ ਕੀਤਾ ਜਾਵੇ।



# ਘੋੜੇ ਦੇ ਵਾਲ ਕਰਾਮਾਤੀ ਕਹਿ ਕੇ ਵੇਚਣ ਵਾਲੇ ਤਰਕਸ਼ੀਲਾਂ ਨੂੰ ਦੇਖ ਕੇ ਭੱਜੇ - ਮਾਸਟਰ ਪਰਮਵੇਦ

## ਲਾਈਲੱਗਤਾ ਤੇ ਅੰਧਵਿਸ਼ਵਾਸ ਦੇ ਹਨੇਰੇ ਵਿਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੇ ਚਾਨਣ ਵਿੱਚ ਆਵੇ --ਤਰਕਸ਼ੀਲ

www.desipunjab.in

ਸਾਡੇ ਬਹੁਤੇ ਲੋਕਾਂ ਦਾ ਸੋਚਣ ਢੰਗ ਵਿਗਿਆਨਕ ਨਹੀਂ,ਉਹ ਅੰਧਵਿਸ਼ਵਾਸੀ,ਵਹਿਮੀ ਤੇ ਲਾਈਲੱਗ ਹੋਣ ਕਰਕੇ ਚਲਾਕ ਲੋਕਾਂ ਦੀ ਭਰਮਾਊ ਗੱਲਾਂ ਵਿੱਚ ਬਿਨਾਂ ਸੋਚੇ ਵਿਚਾਰੇ ਇੱਕ ਦਮ ਆ ਕੇ ਲੁੱਟ ਦਾ ਸ਼ਿਕਾਰ ਹੋ ਜਾਂਦੇ ਹਨ। ਪਿਛਲੇ ਕੁੱਝ ਸਾਲ ਪਹਿਲਾਂ ਦੀ ਗਲ ਹੈ, ਅਸੀਂ ਤਰਕਸ਼ੀਲ ਸੁਸਾਇਟੀ ਵੱਲੋਂ ਇਕ ਮੇਲੇ ਵਿੱਚ ਤਰਕਸ਼ੀਲਾਂ ਤੇ ਵਿਗਿਆਨਕਾਂ ਵਿਚਾਰਾਂ ਵਾਲੇ ਸਾਹਿਤ ਦੀ ਸਟਾਲ ਲਾਈ ਹੋਈ ਸੀ।ਮੇਰਾ ਇੱਕ ਜਾਣਕਾਰ ਆ ਕੇ ਕਹਿੰਦਾ ,"ਮੇਲੇ ਵਿੱਚ ਇੱਕ ਘੋੜੇ ਵਾਲਾ ਆਪਣੇ ਸਾਥੀਆਂ ਨਾਲ ਰਲ ਕੇ ਕਰਾਮਾਤੀ ਕਹਿ ਕੇ ਘੋੜੇ ਦੇ ਵਾਲ ਵੇਚ ਰਿਹਾ ਹੈ। " ਸਾਡੇ ਉੱਥੇ ਜਾਣ ਤੇ ਘੋੜੇ ਦਾ ਮਾਲਕ ਖੜ੍ਹਾ ਰਿਹਾ ਤੇ ਬਾਕੀ ਉਸ ਦੇ ਨਾਲ ਦੇ ਭੀੜ ਵਿੱਚ ਜਾ ਵੜੇ, ਅਸੀਂ ਘੋੜੇ ਦੇ ਮਾਲਕ ਨੂੰ ਕਿਹਾ, " ਇਹ ਕੀ ਕਰ ਰਿਹਾ ਹੈਂ, ਲੋਕਾਂ ਨਾਲ ਠੱਗੀ ਮਾਰ ਰਿਹਾ ਹੈਂ, ਅੰਧਵਿਸ਼ਵਾਸ ਤੇ ਵਹਿਮ ਫੈਲਾਅ ਰਿਹਾ ਹੈਂ।" ਘੋੜੇ ਦਾ ਮਾਲਕ ਕਹਿੰਦਾ, "ਕੁੱਝ ਮੁੰਡੇ ਮੇਰੇ ਕੋਲ ਆ ਕੇ ਕਹਿੰਦੇ,"ਅਸੀਂ ਤੇਰੇ ਘੋੜੇ ਦੇ ਵਾਲ ਲੈਣੇ ਹਨ। "ਮੈ ਕਿਹਾ '"ਜਿੰਨੇ ਮਰਜ਼ੀ ਲੈ ਲਵੋ ।" ਉਨ੍ਹਾਂ ਅੱਗੇ ਕਿਹਾ ,'" ਅਸੀਂ ਤੇਰੇ ਘੋੜੇ ਦੇ ਵਾਲ ਵੇਚਣੇ ਹਨ ,ਇਹ ਕਹਿ ਕੇ ਵੇਚਣੇ ਹਨ ਕਿ ਇਹ ਬਹੁਤ ਕਰਾਮਾਤੀ , ਚਮਤਕਾਰੀ ਹਨ।"

ਘੋੜੇ ਦਾ ਮਾਲਕ ਕਹਿੰਦਾ, ਉਨ੍ਹਾਂ ਲੜਕਿਆਂ ਨੇ ਮੈਨੂੰ ਕਿਹਾ ਕਿ ਉਹ ਮੈਨੂੰ ਪ੍ਰਤੀ ਵਾਲ 10 ਰੁਪਏ ਦੇਣਗੇ ਤੇ ਬਾਕੀ ਪੈਸੇ ਉਹ ਰੱਖਣਗੇ। ਵੱਧ ਵਿਕਣ ਤੇ ਵੀਹ ਰੁਪਏ ਪ੍ਰਤੀ ਵਾਲ ।" ਉਨ੍ਹਾਂ ਪ੍ਰਚਾਰ ਕਰਨਾ ਸ਼ੁਰੂ ਕਰ ਦਿੱਤਾ।ਲੋਕਾਂ ਸਾਹਮਣੇ ਵਾਲ ਆਪਣੀ ਜੇਬਾਂ ਵਿੱਚ ਵਾਲ ਪਾਉਣੇ ਸ਼ੁਰੂ ਕਰ ਦਿੱਤੇ।ਲੋਕ ਆ ਕੇ ਪੁੱਛਣ ,"ਇਹ ਵਾਲ ਕਿਸ ਕੰਮ ਆਉਂਦੇ ਹਨ ।"

ਉਹ ਕਹਿੰਦੇ ,"ਇਹ ਵਾਲ ਬਹੁਤ ਕਰਾਮਾਤੀ, ਚਮਤਕਾਰੀ ਹਨ।ਘਰ ਵਿੱਚ ਧੂਪ ਵਾਲੇ ਆਲੇ ਵਿੱਚ ਕੱਚ ਦੀ ਡੱਬੀ ਵਿੱਚ ਪਾ ਕੇ ਰੱਖਣ ਨਾਲ ਬਹੁਤ ਵਾਧਾ ਹੁੰਦਾ ਹੈ। ਆਮਦਨੀ ਵਧਦੀ ਹੈ, ਪੈਸੇ ਦਾ ਘਾਟਾ ਨਹੀਂ ਰਹਿੰਦਾ, ਬੀਮਾਰੀਆਂ ਦੂਰ ਭੱਜਦੀਆਂ ਹਨ,ਘਰ ਵਿੱਚ ਖੁਸ਼ਹਾਲੀ ਆਉਂਦੀ ਹੈ।" ਅੱਗੇ ਤੋਂ ਅੱਗੇ ਪ੍ਰਚਾਰ ਵੱਧਦਾ ਗਿਆ ।ਥੋੜੇ ਸਮੇਂ ਵਿੱਚ ਲੋਕਾਂ ਦੀ ਭੀੜ ਲਗ ਗਈ।ਇੱਕ ਦੂਜੇ ਦੇ ਉੱਤੋਂ ਦੀ ਹੋ ਕੇ ਲੈਣ ਲੱਗ ਪਏ। ਮੈਨੂੰ ਬੜੀ ਹੈਰਾਨੀ ਹੋਈ। ਪਹਿਲਾਂ ਉਨ੍ਹਾਂ ਪੰਜਾਹ ਰੁਪਏ ਕੀਮਤ ਰੱਖੀ,ਫੇਰ 100 ਰੁਪਏ। ਫਿਰ ਉਨ੍ਹਾਂ ਪੂੱਛ ਤੇ ਗਰਦਨ ਦੇ ਵਾਲਾਂ ਦੀ ਕੀਮਤ ਵੱਖਰੀ ਵੱਖਰੀ ਕਰ ਦਿੱਤੀ। 100 ਰੁਪਏ ਤੇ 200/- ਰੁਪਏ। ਫਿਰ ਤੁਸੀਂ ਆ ਗਏ। ਉਨ੍ਹਾਂ ਨੂੰ ਪਤਾ ਲੱਗ ਗਿਆ ਕਿ ਤਰਕਸ਼ੀਲ ਸੁਸਾਇਟੀ ਵਾਲੇ ਆ ਗਏ ਹਨ,ਉਹ ਤੁਹਾਨੂੰ ਦੇਖ ਭੀੜ ਵਿੱਚ ਜਾ ਵੜੇ।ਮੇਰਾ ਕੋਈ ਕਸੂਰ ਨਹੀਂ। ਅਸੀਂ ਤਰਕਸ਼ੀਲ ਸੁਸਾਇਟੀ ਵੱਲੋਂ ਸਟੇਜ ਲਾ ਕੇ ਲੋਕਾਂ ਨੂੰ ਇਸ ਬਾਰੇ ਬਹੁਤ ਕੁੱਝ ਸਮਝਾਇਆ। ਲੋਕਾਂ ਨੂੰ ਲਾਈਲੱਗਤਾ ਤਿਆਗ ਕੇ ਵਿਗਿਆਨਕ ਵਿਚਾਰਾਂ ਦੇ ਧਾਰਨੀ ਬਣਨ ਲਈ ਪ੍ਰੇਰਿਆ । ਵਿਗਿਆਨਕ ਸੋਚ ਅਪਣਾਉਣ ਦਾ ਸੱਦਾ ਦਿੱਤਾ। ਘੋੜੇ ਦੇ ਮਾਲਕ ਨੂੰ ਸਟੇਜ ਤੇ ਲਿਆ ਕੇ ਉਸ ਦੇ ਮੂੰਹੋਂ ਲੜਕਿਆਂ ਦੀ ਸਾਰੀ ਕਾਰਸਤਾਨੀ / ਲੁੱਟ ਦੀ ਵਿਆਖਿਆ ਕਰਵਾਈ। ਅਸੀਂ ਕਿਹਾ ਕਿ ਇਸ ਘਟਨਾ ਤੋਂ ਸਬਕ ਲੈਣ ਦੀ ਲੋੜ ਹੈ। ਕਿਸੇ ਚੀਜ਼ ਵਿੱਚ ਗੈਬੀ ਸ਼ਕਤੀ ਨਹੀਂ।

ਲੋਕਾਂ ਵਿੱਚ ਅਗਿਆਨਤਾ ਹੈ, ਸਮੱਸਿਆਵਾਂ ਹਨ।ਇਸ ਲਈ ਉਹ ਡਰ ,ਫਿਕਰਾਂ,ਝੂਠੀਆਂ ਆਸਾਂ ਉਮੀਦਾਂ ਤੇ ਮਾਨਸਿਕ ਤਣਾਅ ਦੇ ਮਹੌਲ ਵਿੱਚ ਰਹਿੰਦੇ ਹਨ। ਅਗਿਆਨਤਾ , ਸਮੱਸਿਆਵਾਂ ਤੇ ਡਰ ਵਿੱਚੋ ਲਾਈਲੱਗਤਾ ਤੇ ਅੰਧਵਿਸ਼ਵਾਸ ਉਪਜਦੇ ਹਨ। ਅਖੌਤੀ ਸਿਆਣੇ ਲੋਕਾਂ ਦੀ ਅਗਿਆਨਤਾ ਤੇ ਲਾਈਲੱਗਤਾ ਦਾ ਫਾਇਦਾ ਉਠਾ ਕੇ ਉਨ੍ਹਾ ਨੂੰ ਅੰਧਵਿਸ਼ਵਾਸਾਂ, ਕਰਾਮਾਤਾਂ , ਚਮਤਕਾਰਾਂ ਦੇ ਵਹਿਮਾਂ ਭਰਮਾਂ ਦੇ ਭਰਮ ਜਾਲ ਵਿੱਚ ਪਾ ਕੇ ਉਨ੍ਹਾਂ ਦੀ ਆਰਥਿਕ, ਮਾਨਸਿਕ ਤੇ ਸਰੀਰਕ ਲੁੱਟ ਕਰਦੇ ਹਨ। ਤਰਕਸ਼ੀਲਾਂ ਦਾ ਸੁਨੇਹਾ ਹੈ ਕਿ ਲੋਕ ਅਪਣਾ ਸੋਚਣ ਢੰਗ ਵਿਗਿਆਨਕ ਬਣਾਉਣ, ਕਿਸੇ ਵਿਅਕਤੀ , ਚੀਜ਼, ਜਾਨਦਾਰ, ਬੇਜਾਨਦਾਰ ਕੋਲ ਕੋਈ ਗੈਬੀ ਸ਼ਕਤੀ ਨਹੀਂ ,ਜਿਸ ਨਾਲ ਕਿਸੇ ਦਾ ਕੁੱਝ ਸੰਵਾਰਿਆ ਜਾ ਸਕੇ।ਇੱਥੇ ਘਟਨਾਵਾਂ ਵਾਪਰਦੀਆਂ ਹਨ, ਕੁਦਰਤੀ ਤੇ ਸਮਾਜਿਕ। ਇਨ੍ਹਾਂ ਘਟਨਾਵਾਂ ਦਾ ਕਾਰਨ ਜਾਨਣਾ ਹੀ ਤਰਕਸ਼ੀਲਤਾ ਹੈ, ਵਿਗਿਆਨਕ ਸੋਚ ਹੈ।ਇਸ ਲਈ ਸਾਨੂੰ ਕੀ, ਕਿਉਂ,ਕਿਵੇਂ,ਕਿੱਥੇ, ਕਦੋਂ ਆਦਿ ਵਿਗਿਆਨਕ ਨੁਕਤਿਆਂ ਨੂੰ ਅਪਨਾਉਣਾ ਚਾਹੀਦਾ ਹੈ ਤਾਂ ਜੋ ਅਸੀਂ ਵਿਗਿਆਨਕ ਸੋਚ ਦੇ ਧਾਰਨੀ ਬਣ ਕੇ ਸਚਾਈ ਜਾਣ ਸਕੀਏ। ਅਸੀਂ ਲੋਕਾਂ ਨੂੰ ਲਾਈਲੱਗਤਾ ਤੇ ਅੰਧਵਿਸ਼ਵਾਸ ਦੇ ਹਨੇਰੇ ਵਿਚੋਂ ਨਿਕਲ ਕੇ ਵਿਗਿਆਨਕ ਸੋਚ ਦੇ ਚਾਨਣ ਵਿੱਚ ਆਉਣ ਦਾ ਸੱਦਾ ਦੇ ਕੇ ਆ ਗਏ।

# ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਮੁਲਾਜ਼ਮਾਂ ਨੇ ਰੱਖੀ ਇੱਕ ਦਿਨ ਭੁੱਖ ਹੜਤਾਲ

## 25 ਨਵੰਬਰ ਨੂੰ ਦਿੱਲੀ ਵਿਖੇ ਹੋਵੇਗੀ ਕੌਮੀ ਪੱਧਰੀ ਰੈਲੀ

www.desipunjab.in

ਜੈਤੋ,1 ਅਕਤੂਬਰ (ਰਘੂਨੰਦਨ ਪਰਾਸ਼ਰ ):ਨੈਸ਼ਨਲ ਮੂਵਮੈਂਟ ਸਕੀਮ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ ਤੇ ਅੱਜ ਪੰਜਾਬ ਦੇ ਸਾਰੇ ਜ਼ਿਲ੍ਹਾ ਹੈਡ ਕੁਆਰਟਰਾਂ ਤੇ ਸੀਪੀਐਫ ਕਰਮਚਾਰੀ ਯੂਨੀਅਨ ਪੰਜਾਬ ਅਤੇ ਪੁਰਾਣੀ ਪੈਨਸ਼ਨ ਸੰਘਰਸ਼ ਬਹਾਲ ਕਮੇਟੀ ਵੱਲੋਂ ਸਾਂਝੇ ਤੌਰ ਤੇ ਇੱਕ ਦਿਨ ਭੁੱਖ ਹੜਤਾਲ ਕੀਤੀ ਗਈ। ਜਿਸ ਵਿੱਚ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਨੇ ਭਾਗ ਲਿਆ ਅਤੇ ਕੇਂਦਰ ਤੇ ਸੂਬਾ ਸਰਕਾਰ ਦੇ ਖਿਲਾਫ ਭਾਰੀ ਨਾਅਰੇਬਾਜ਼ੀ ਕੀਤੀ। ਫਰੀਦਕੋਟ ਵਿੱਚ ਸੀਪੀਐਫ ਕਰਮਚਾਰੀ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਕਰਨ ਜੈਨ ਅਤੇ ਪੁਰਾਣੀ ਪੈਨਸ਼ਨ ਸੰਘਰਸ਼ ਬਹਾਲ ਕਮੇਟੀ ਦੇ ਕਨਵੀਨਰ ਗੁਰਤੇਜ ਖੇਹਿਰਾ ਨੇ ਸਾਂਝੇ ਤੌਰ ਤੇ ਕਿਹਾ ਕਿ ਜੇਕਰ ਆਉਣ ਵਾਲੇ ਸਮੇਂ ਵਿੱਚ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਹੋਈ ਤਾਂ ਮਿਤੀ 26 ਨਵੰਬਰ 2025 ਨੂੰ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਕੇਂਦਰ ਸਰਕਾਰ ਖਿਲਾਫ ਕੌਮੀ ਪੱਧਰ ਰੈਲੀ ਕੀਤੀ ਜਾਵੇਗੀ। ਜਿਸ ਵਿੱਚ ਕੇਂਦਰ ਸਰਕਾਰ ਦੇ ਨਾਲ ਨਾਲ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਝੂਠੇ ਵਾਅਦਿਆਂ ਤੋਂ ਵੱਖ ਵੱਖ ਰਾਜ ਸਰਕਾਰਾਂ ਦੇ ਮੁਲਾਜ਼ਮਾਂ ਨੂੰ ਜਾਣੂ ਕਰਵਾਇਆ ਜਾਵੇਗਾ। ਉਹਨਾਂ ਅੱਗੇ ਕਿਹਾ ਕਿ ਮਿਤੀ 25 ਅਕਤੂਬਰ 2025 ਨੂੰ ਚੰਡੀਗੜ੍ਹ ਵਿਖੇ ਕੇਂਦਰ ਅਤੇ ਪੰਜਾਬ ਸਰਕਾਰ ਦੇ ਖਿਲਾਫ ਸੂਬਾ ਪੱਧਰੀ ਪ੍ਰੈਸ ਕਾਨਫਰੰਸ ਕੀਤੀ ਜਾਵੇਗੀ। ਜਿਸ ਵਿੱਚ ਕੇਂਦਰ ਅਤੇ ਸੂਬਾ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੇ ਝੂਠੇ ਵਾਅਦਿਆਂ ਤੋਂ ਮੀਡੀਆ ਰਾਹੀਂ ਲੋਕਾਂ ਨੂੰ ਜਾਣੂ ਕਰਵਾਇਆ ਜਾਵੇਗਾ। ਇਸ ਮੌਕੇ ਤੇ ਗੁਰਪ੍ਰੀਤ ਸਿੰਘ ਔਲਖ, ਜਨਰਲ ਸਕੱਤਰ, ਪੁਰਾਣੀ ਪੈਨਸ਼ਨ ਸੰਘਰਸ਼ ਬਹਾਲ ਕਮੇਟੀ, ਸੇਵਕ ਸਿੰਘ, ਜ਼ਿਲਾ ਪ੍ਰਧਾਨ ਡੀ ਸੀ ਦਫ਼ਤਰ ਕਰਮਚਾਰੀ ਯੂਨੀਅਨ, ਅਮਰੀਕ ਸਿੰਘ ਸੰਧੂ ਸਾਬਕਾ ਸੂਬਾ ਪ੍ਰਧਾਨ ਪੀਐਸਐਮਐਸਯੂ ਪੰਜਾਬ, ਵੀਰ ਇੰਦਰਜੀਤ ਸਿੰਘ ਪੁਰੀ ਸੂਬਾ ਪ੍ਰਧਾਨ ਮੰਡੀ ਬੋਰਡ, ਗੁਰਮੀਤ ਸਿੰਘ ਸਿਰਸੜੀ, ਜਤਿੰਦਰ ਢਿਲਵਾਂ, ਸੁਖਵਿੰਦਰ ਸੁੱਖੀ ਜ਼ਿਲ੍ਹਾ ਪ੍ਰਧਾਨ ਡੀਟੀਐਫ, ਜਤਿੰਦਰ ਕੁਮਾਰ ਪੀਐਸਐਸਐਫ, ਗਗਨ ਪਾਹਵਾ, ਹਰਪ੍ਰੀਤ ਸਿੰਘ ਟੀਐਸਯੂ, ਅਸ਼ੋਕ ਰਾਮਸਰ, ਮਨਜੀਤ ਸਿੰਘ, ਜਗਤਾਰ ਸਿੰਘ, ਸੁਸ਼ੀਲ ਕੁਮਾਰ ਪ੍ਰਧਾਨ ਨਗਰ ਕੌਂਸਲ, ਰਵੀਇੰਦਰ ਸਿੰਘ ਘਾਲੀ ਜਨਰਲ ਸਕੱਤਰ ਐਜੂਕੇਸ਼ਨ ਡਿਪਾਰਟਮੈਂਟ, ਮਨਦੀਪ ਸਿੰਘ ਕਪੂਰ, ਵਰਿੰਦਰ ਅਮਰ, ਧਰਮਿੰਦਰ ਸਿੰਘ ਪ੍ਰਧਾਨ ਮਾਸਟਰ ਕੈਡਰ, ਗੁਰਵਿੰਦਰ ਵਿਰਕ, ਗੁਰਚਰਨ ਸਿੰਘ ਜ਼ਿਲਾ ਪ੍ਰਧਾਨ ਵਾਟਰ ਸਪਲਾਈ ਅਤੇ ਹੋਰ ਜੁਝਾਰੂ ਸਾਥੀ ਹਾਜ਼ਰ ਆਏ|



# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿਖੇ ਦੋ ਰੋਜ਼ਾ ਹਫ਼ਤਾਵਾਰੀ ਗੁਰਮਤਿ ਸਮਾਗਮ

www.desipunjab.in

ਲੁਧਿਆਣਾ (ਕਰਨੈਲ ਸਿੰਘ ਐੱਮ.ਏ.) ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿੱਚ ਦੋ ਰੋਜ਼ਾ ਹਫ਼ਤਾਵਾਰੀ ਗੁਰਮਤਿ ਸਮਾਗਮ ਸ਼ਨੀਵਾਰ ਅਤੇ ਐਤਵਾਰ ਨੂੰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਬੜੀ ਸ਼ਰਧਾ ਪੂਰਵਕ ਕਰਵਾਏ ਗਏ । ਜਿਨ੍ਹਾਂ ਵਿੱਚ ਸਵੇਰੇ ਅੰਮ੍ਰਿਤ ਵੇਲੇ ਤੋਂ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ। ਰੋਜ਼ਾਨਾ ਦੀ ਤਰ੍ਹਾਂ ਪਹਿਲਾਂ ਨਿੱਤਨੇਮ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕਰਵਾਏ ਗਏ । ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਦਿਲਬਾਗ ਸਿੰਘ ਗੁਰੂ ਕਾਸ਼ੀ ਵਾਲੇ ਨੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ । ਗਿਆਨੀ ਮਹਿੰਦਰ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਗੁਰਬਾਣੀ ਅਤੇ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ । ਸ਼ਨੀਵਾਰ ਸ਼ਾਮ ਦੇ ਪ੍ਰੋਗਰਾਮ ਵਿੱਚ ਗਿਆਨੀ ਗੁਰਲਾਲ ਸਿੰਘ ਅੰਮ੍ਰਿਤਸਰ ਵਾਲਿਆਂ ਨੇ ਸੰਗਤਾਂ ਨਾਲ ਸੁਖਮਨੀ ਸਾਹਿਬ ਦੀ ਕਥਾ ਦੀ ਵਿਆਖਿਆ ਕੀਤੀ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ । ਐਤਵਾਰ ਵਾਲੇ ਦਿਨ ਰੋਜ਼ਾਨਾ ਦੀ ਤਰ੍ਹਾਂ ਅੰਮ੍ਰਿਤ ਵੇਲੇ ਤੋਂ ਆਸਾ ਜੀ ਦੀ ਵਾਰ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕੀਤੇ ਗਏ । ਸ਼ਾਮ ਦੇ ਸਮਾਗਮ ਵਿੱਚ ਸੋਦਰ ਰਹਿਰਾਸ ਦੀ ਚੌਂਕੀ ਤੋਂ ਬਾਅਦ ਭਾਈ ਉਂਕਾਰ ਸਿੰਘ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਰਸ-ਭਿੰਨਾ ਕੀਰਤਨ ਸ੍ਰਵਣ ਕਰਵਾਇਆ । ਭਾਰੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਹਾਜ਼ਰੀਆਂ ਭਰ ਕੇ ਆਪਣਾ ਜੀਵਨ ਸਫਲਾ ਕੀਤਾ । ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਸੀਨੀਅਰ ਮੈਂਬਰ ਪਰਮਿੰਦਰ ਸਿੰਘ ਅਤੇ ਚਰਨਜੀਤ ਸਿੰਘ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਭਾਈ ਉਂਕਾਰ ਸਿੰਘ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੂੰ ਸਨਮਾਨਿਤ ਕੀਤਾ । ਅੱਜ ਦੇ ਸਮਾਗਮ ਵਿੱਚ ਲੰਗਰਾਂ ਦੀ ਅਤੇ ਸਮਾਗਮਾਂ ਦੀ ਸੇਵਾ ਸੇਠੀ ਪਰਿਵਾਰ ਵੱਲੋਂ ਚੇਅਰਮੈਨ ਬਲਜੀਤ ਸਿੰਘ ਸੇਠੀ ਦੇ ਜਨਮ-ਦਿਨ ਦੀ ਖੁਸ਼ੀ ਵਿੱਚ ਕੀਤੀ ਗਈ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਸਮੇਂ ਸਿਰ ਗੁਰੂ ਘਰ ਆ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਣਿਆ ਕਰਨ ਅਤੇ ਆਪਣਾ ਜੀਵਨ ਸਫਲਾ ਕਰਨ । ਆਉਣ ਵਾਲੇ ਵੀਰਵਾਰ ਮਿਤੀ 02 ਅਕਤੂਬਰ ਨੂੰ ਭਾਈ ਹਰਦੀਪ ਸਿੰਘ ਉਨਾਂ ਸਾਹਿਬ ਵਾਲਿਆਂ ਦਾ ਕੀਰਤਨੀ ਜੱਥਾ ਸੰਗਤਾਂ ਨੂੰ ਇਲਾਹੀ ਬਾਣੀ ਦਾ ਕੀਰਤਨ ਸ੍ਰਵਣ ਕਰਵਾਉਣਗੇ। ਸੰਗਤਾਂ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ, ਯਸਪਾਲ ਸਿੰਘ, ਗੁਰਦੀਪ ਸਿੰਘ ਕਾਲੜਾ, ਰਜਿੰਦਰ ਸਿੰਘ ਭਾਟੀਆ, ਸੁਖਵਿੰਦਰਪਾਲ ਸਿੰਘ, ਚਰਨਜੀਤ ਸਿੰਘ ਪਾਇਲ, ਹਰਨੇਕ ਸਿੰਘ, ਮਨਜੀਤ ਸਿੰਘ ਪਾਇਲ, ਗੁਰਚਰਨ ਸਿੰਘ, ਹਰਨੇਕ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ, ਬਲਬੀਰ ਸਿੰਘ, ਡਾਕਟਰ ਪ੍ਰੇਮ ਸਿੰਘ ਚਾਵਲਾ, ਤਰਲੋਕ ਸਿੰਘ ਸਚਦੇਵਾ, ਜਗਜੀਵਨ ਸਿੰਘ ਸੋਹਨਪਾਲ, ਵੀਰਨਜੀਤ ਸਿੰਘ ਸੋਹਨਪਾਲ, ਦਰਸਨ ਸਿੰਘ ਸੋਹਨਪਾਲ, ਵਰਿੰਦਰ ਮੋਹਨ ਸਿੰਘ, ਜਗਜੀਤ ਸਿੰਘ, ਤਰਲੋਕ ਸਿੰਘ, ਮਨਿੰਦਰ ਸਿੰਘ, ਜਸਵਿੰਦਰ ਸਿੰਘ, ਹਰਪਾਲ ਸਿੰਘ, ਚਮਨ ਸਿੰਘ, ਕਰਮ ਸਿੰਘ, ਤਜਿੰਦਰ ਸਿੰਘ ਹਾਜ਼ਰ ਸਨ ।



# ਹੜ੍ਹ ਪੀੜਤਾਂ ਦੀ ਸਹਾਇਤਾ ਲਈ ਬਾਬਾ ਰਾਮ ਦੇਵ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੂੰ 1 ਕਰੋੜ ਰੁਪਏ ਦਾ ਚੈੱਕ ਸੌਂਪਿਆ

www.desipunjab.in



ਜੈਤੋ, 1 ਅਕਤੂਬਰ (ਰਘੂਨੰਦਨ ਪਰਾਸ਼ਰ ):ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਪਤੰਜਲੀ ਯੋਗ ਪੀਠ ਹਰਿਦੁਆਰ ਦੇ ਮੁਖੀ ਬਾਬਾ ਰਾਮ ਦੇਵ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ 1 ਕਰੋੜ ਰੁਪਏ ਦਾ ਚੈੱਕ ਵੀ ਸੌਂਪਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਬਾਬਾ ਰਾਮ ਦੇਵ ਅਤੇ ਉਨ੍ਹਾਂ ਨਾਲ ਮੁੰਬਈ ਤੋਂ ਆਏ ਸ. ਹਰਪ੍ਰੀਤ ਸਿੰਘ ਮਿਨਹਾਸ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਤੇ ਲੋਈ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ’ਚ ਹੜ੍ਹਾਂ ਨਾਲ ਵੱਡਾ ਨੁਕਸਾਨ ਹੋਇਆ ਹੈ ਅਤੇ ਸ਼੍ਰੋਮਣੀ ਕਮੇਟੀ ਪਹਿਲੇ ਦਿਨ ਤੋਂ ਹੀ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਨਿਰੰਤਰ ਸੇਵਾਵਾਂ ਨਿਭਾਅ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੇਵਾਵਾਂ ਵਿਚ ਦੇਸ਼ ਵਿਦੇਸ਼ ਤੋਂ ਸਿੱਖ ਸੰਗਤਾਂ ਅਤੇ ਸੰਸਥਾਵਾਂ ਵੱਲੋਂ ਵੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਪੁੱਜੇ ਬਾਬਾ ਰਾਮ ਦੇਵ ਨੇ ਵੀ ਆਪਣੀ ਸੰਸਥਾ ਵੱਲੋਂ 1 ਕਰੋੜ ਰੁਪਏ ਦੀ ਰਾਸ਼ੀ ਦਾ ਚੈੱਕ ਸੌਂਪਿਆ ਹੈ। ਐਡਵੋਕੇਟ ਧਾਮੀ ਨੇ ਬਾਬਾ ਰਾਮ ਦੇਵ ਅਤੇ ਉਨ੍ਹਾਂ ਦੀ ਸੰਸਥਾ ਦਾ ਧੰਨਵਾਦ ਕੀਤਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਸਮੇਂ ਸ਼ਮੂਲੀਅਤ ਲਈ ਬਾਬਾ ਰਾਮ ਦੇਵ ਨੂੰ ਸੱਦਾ ਵੀ ਦਿੱਤਾ।ਇਸੇ ਦੌਰਾਨ ਬਾਬਾ ਰਾਮ ਦੇਵ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਉਨ੍ਹਾਂ ਨੂੰ ਬੇਹੱਦ ਸ਼ਾਂਤੀ ਮਿਲੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੇ ਉਪਕਾਰ ਸਾਰੀ ਮਨੁੱਖਤਾ ’ਤੇ ਹਨ, ਜਿਨ੍ਹਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਗੁਰੂ ਸਾਹਿਬਾਨ ਵੱਲੋਂ ਵਰੋਸਾਏ ਇਸ ਪਾਵਨ ਅਸਥਾਨ ’ਤੇ ਕਿਸੇ ਤਰ੍ਹਾਂ ਵੀ ਧਰਮ, ਜਾਤ ਤੇ ਮਜ਼੍ਹਬ ਦਾ ਭੇਦ ਨਹੀਂ ਕੀਤਾ ਜਾਂਦਾ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹਾਂ ਦੌਰਾਨ ਕੀਤੀਆਂ ਗਈਆਂ ਸੇਵਾਵਾਂ ਦੀ ਪ੍ਰਸ਼ੰਸਾ ਕਰਦਿਆਂ ਪਤੰਜਲੀ ਯੋਗ ਪੀਠ ਵੱਲੋਂ ਵੀ ਸਹਿਯੋਗ ਕਰਨ ਦੀ ਵਚਨਬੱਧਤਾ ਪ੍ਰਗਟਾਈ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਮੋਹਨ ਸਿੰਘ ਬੰਗੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਐਡਵੋਕੇਟ ਸ੍ਰੀ ਪ੍ਰਦੀਪ ਗੋਇਲ, ਮੈਨੇਜਰ ਸ. ਜਸਪਾਲ ਸਿੰਘ ਢੱਡੇ,. ਅੰਮ੍ਰਿਤਪਾਲ ਸਿੰਘ, ਸ. ਰਣਧੀਰ ਸਿੰਘ ਤੇ ਸਰਬਜੀਤ ਸਿੰਘ ਤੇ ਹੋਰ ਮੌਜੂਦ ਸਨ।


## ਹੜ੍ਹ ਪ੍ਰਭਾਵਿਤ ਲੋਕਾਂ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।
(2) ਨਗਦ ਅਤੇ ਡਰਾਫਟ ਦਫਤਰ ’ਚ 11 AM ਤੋਂ 8 PM ਤੱਕ ਦਿਉ।
(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.
(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 ’ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank, Tripuri, Patiala - 14701


# ਪਟਨਾ ਸਾਹਿਬ ਰੇਲਵੇ ਸਟੇਸ਼ਨ 'ਤੇ ਤਖ਼ਤ ਸਾਹਿਬ ਦੇ ਦਰਸ਼ਨਾਂ ਲਈ ਗੁਰਮੁਖੀ ਐਕਸਪ੍ਰੈੱਸ ਦੇ ਠਹਿਰਾਓ ਨੂੰ ਮਿਲੀ ਮਨਜ਼ੂਰੀ

www.desipunjab.in

ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੀ ਲੰਬੇ ਸਮੇਂ ਤੋਂ ਮੰਗ ਸੀ ਕਿ ਗੁਰਮੁਖੀ ਐਕਸਪ੍ਰੈੱਸ ਦਾ ਪਟਨਾ ਸਾਹਿਬ ਰੇਲਵੇ ਸਟੇਸ਼ਨ 'ਤੇ ਠਹਿਰਾਓ ਦਿੱਤਾ ਜਾਵੇ, ਤਾਂ ਜੋ ਪੰਜਾਬ ਤੋਂ ਤਖ਼ਤ ਪਟਨਾ ਸਾਹਿਬ ਦਰਸ਼ਨਾਂ ਲਈ ਆਉਣ ਵਾਲੀ ਸੰਗਤ ਨੂੰ ਸੁਵਿਧਾ ਮਿਲ ਸਕੇ। ਰੇਲ ਮੰਤਰਾਲੇ ਵੱਲੋਂ ਹੁਣ ਇਸ ਮੰਗ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰੀ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਰੇਲਵੇ ਦੇ ਉੱਚ ਅਧਿਕਾਰੀਆਂ ਨਾਲ ਦਿੱਲੀ ਰੇਲ ਭਵਨ ਵਿੱਚ ਮੀਟਿੰਗ ਦੌਰਾਨ ਇਸ ਮਾਮਲੇ 'ਤੇ ਚਰਚਾ ਹੋਈ ਸੀ। ਇਸ ਮੀਟਿੰਗ ਵਿੱਚ ਉਪ ਪ੍ਰਧਾਨ ਗੁਰਵਿੰਦਰ ਸਿੰਘ ਵੀ ਸ਼ਾਮਲ ਸਨ। ਸ੍ਰੀ ਸੋਹੀ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਰੇਲ ਮੰਤਰੀ ਅਤੇ ਅਧਿਕਾਰੀਆਂ ਨੂੰ ਪੰਜਾਬ ਤੋਂ ਗੁਰਮੁਖੀ ਐਕਸਪ੍ਰੈੱਸ ਰਾਹੀਂ ਆਉਣ ਵਾਲੀ ਸੰਗਤ ਨੂੰ ਹੋਣ ਵਾਲੀਆਂ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ ਗਿਆ ਸੀ। ਇਸ ਦੇ ਨਤੀਜੇ ਵਜੋਂ, ਉਨ੍ਹਾਂ ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ ਸੀ ਅਤੇ ਹੁਣ 2 ਅਕਤੂਬਰ 2025 ਤੋਂ ਗੁਰਮੁਖੀ ਐਕਸਪ੍ਰੈੱਸ ਦਾ ਪਟਨਾ ਸਾਹਿਬ ਸਟੇਸ਼ਨ 'ਤੇ ਠਹਿਰਾਓ ਕਰ ਦਿੱਤਾ ਗਿਆ ਹੈ। ਸ੍ਰੀ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਇਸ ਕਾਰਜ ਲਈ ਤਖ਼ਤ ਪਟਨਾ ਸਾਹਿਬ ਦੀ ਸਮੂਹੀ ਪ੍ਰਬੰਧਕ ਕਮੇਟੀ ਅਤੇ ਸੰਗਤ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਧੰਨਵਾਦ ਕਰਦੀ ਹੈ ਅਤੇ ਉਮੀਦ ਕਰਦੀ ਹੈ ਕਿ ਬਾਕੀ ਦੀਆਂ ਸਮੱਸਿਆਵਾਂ ਦਾ ਹੱਲ ਵੀ ਜਲਦੀ ਹੀ ਹੋਵੇਗਾ, ਤਾਂ ਜੋ ਹੋਰ ਰਾਜਾਂ ਤੋਂ ਆਉਣ ਵਾਲੀ ਸੰਗਤ ਨੂੰ ਵੀ ਕੋਈ ਪਰੇਸ਼ਾਨੀ ਨਾ ਝੱਲਣੀ ਪਵੇ।

